ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit punjabipost.ca/epaper | Vol 22* Issue 191 | Wednesday, October 11, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


# ਇਜ਼ਰਾਈਲ ਤੋਂ ਕੈਨੇਡੀਅਨਜ਼ ਨੂੰ ਏਅਰਲਿਫਟ ਕਰੇਗਾ ਕੈਨੇਡਾ : ਜੋਲੀ



ਓਟਵਾ, 10 ਅਕਤੂਬਰ (ਪੋਸਟ ਬਿਊਰੋ) : ਇਜ਼ਰਾਈਲ ਤੇ ਹਮਸ ਦਰਮਿਆਨ ਲੜਾਈ ਵਧਣ ਤੋਂ ਬਾਅਦ ਮੰਗਲਵਾਰ ਨੂੰ ਵਿਦੇਸ਼ ਮੰਤਰੀ ਮਿਲੇਨੀ ਜੋਲੀ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਕੈਨੇਡਾ ਆਉਣ ਵਾਲੇ ਦਿਨਾਂ ਵਿੱਚ ਤਲ ਅਵੀਵ ਤੋਂ ਕੈਨੇਡੀਅਨਜ਼ ਨੂੰ ਏਅਰਲਿਫਟ ਕਰਨ ਦੀ ਯੋਜਨਾ ਬਣਾ ਰਿਹਾ ਹੈ।

ਜੋਲੀ ਨੇ ਆਖਿਆ ਕਿ ਸਰਕਾਰ ਕੈਨੇਡੀਅਨ ਹਥਿਆਰਬੰਦ ਸੈਨਾਵਾਂ ਦੇ ਜਹਾਜ਼ਾਂ ਦੀ ਵਰਤੋਂ ਕਰਕੇ ਕੈਨੇਡੀਅਨਜ਼ ਨੂੰ ਏਅਰਲਿਫਟ ਕਰੇਗੀ। ਇਸ ਤੋਂ ਇਲਾਵਾ ਉਨ੍ਹਾਂ ਲੋਕਾਂ ਲਈ ਕੋਈ ਵੱਖਰਾ ਪ੍ਰਬੰਧ ਕਰਨ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ ਜਿਹੜੇ ਤਲ ਅਵੀਵ ਵਿੱਚ ਏਅਰਪੋਰਟ ਤੱਕ ਨਹੀਂ ਪਹੁੰਚ ਸਕਦੇ।ਐਕਸ, ਜਿਸ ਨੂੰ ਪਹਿਲਾਂ ਟਵਿੱਟਰ ਵਜੋਂ ਜਾਣਿਆ ਜਾਂਦਾ ਸੀ, ਉੱਤੇ ਪੋਸਟ ਕੀਤੇ ਬਿਆਨ ਵਿੱਚ ਜੋਲੀ ਨੇ ਆਖਿਆ ਕਿ ਇਹ ਫਲਾਈਟਸ ਕੈਨੇਡੀਅਨ ਨਾਗਰਿਕਾਂ ਤੇ ਪਰਮਾਨੈਂਟ ਰੈਜ਼ੀਡੈਂਟਸ, ਉਨ੍ਹਾਂ ਦੇ ਸਪਾਊਸਿਜ਼ ਤੇ ਬੱਚਿਆਂ ਲਈ ਉਪਲਬਧ ਹੋਣਗੀਆਂ। ਜੋਲੀ ਨੇ ਆਪਣੇ ਬਿਆਨ ਵਿੱਚ ਆਖਿਆ, "ਉਹ ਜਾਣਦੀ ਹੈ ਕਿ ਇਹ ਹਾਲਾਤ ਕਿੰਨੇ ਮੁਸ਼ਕਲ ਹਨ। ਤੁਹਾਡੇ ਵਿੱਚੋਂ ਬਹੁਤੇ ਆਪਣੇ ਪਰਿਵਾਰਾਂ ਕੋਲ ਘਰ ਪਰਤਣਾ ਚਾਹੁੰਦੇ ਹਨ ਪਰ ਤੁਹਾਨੂੰ ਕੋਈ ਰਾਹ ਨਹੀਂ ਲੱਭ ਰਿਹਾ। ਪਰ ਕੈਨੇਡਾ ਸਰਕਾਰ ਤੁਹਾਡੀ ਮਦਦ ਕਰੇਗੀ।"ਜੋਲੀ ਨੇ ਆਖਿਆ ਕਿ ਹੋਰ ਵੇਰਵੇ ਬੁੱਧਵਾਰ ਨੂੰ ਉਪਲਬਧ ਕਰਵਾਏ ਜਾਣਗੇ। ਇਸ ਦਰਾਨ ਉਨ੍ਹਾਂ ਇਹ ਵੀ ਆਖਿਆ ਕਿ ਇਜ਼ਰਾਈਲ ਵਿੱਚ ਸਥਿਤ ਕੈਨੇਡੀਅਨਜ਼ ਨੂੰ ਗਲੋਬਲ ਅਫੇਅਰਜ਼ ਕੈਨੇਡਾ ਕੋਲ ਰਜਿਸਟਰ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਵੱਲੋਂ ਡਿਪਾਰਟਮੈਂਟ ਨਾਲ sos@international.gc.ca ਜਾਂ +1-613-996-8885 ਉੱਤੇ ਸੰਪਰਕ ਕਰਨ ਲਈ ਆਖਿਆ ਗਿਆ।

# ਹਮਾਸ ਨੇ ਇਜ਼ਰਾਈਲੀ ਸੰਗੀਤ ਫੈਸਟੀਵਲ 'ਤੇ ਕੀਤਾ ਹਮਲਾ ਕੀਤਾ, ਲੜਾਕਿਆਂ ਨੇ 3 ਪਾਸਿਆਂ ਤੋਂ ਘੇਰਕੇ 260 ਲੋਕਾਂ ਨੂੰ ਮਾਰਿਆ, ਔਰਤਾਂ ਕੀਤੀਆਂ ਅਗਵਾ





ਤਲਅਵੀਵ, 10 ਅਕਤੂਬਰ (ਪੋਸਟ ਬਿਊਰੋ): 7 ਅਕਤੂਬਰ, ਸਮਾਂ- ਸਵੇਰੇ 6:30 ਵਜੇ, ਕਿਬੁਟਜ਼ ਰੀਮ, ਜੋ ਇਜ਼ਰਾਈਲ ਦਾ ਸਰਹੱਦੀ ਖੇਤਰ। ਇਜ਼ਰਾਈਲ ਦੇ ਨੋਵਾ ਮਿਊਜ਼ਿਕ ਫੈਸਟ ਲਈ ਇੱਥੇ ਇਕੱਠੇ ਹੋਏ ਹਜ਼ਾਰਾਂ ਲੋਕਾਂ ਨੇ ਅਸਮਾਨ 'ਚ ਗਾਜ਼ਾ ਪੱਟੀ ਤੋਂ ਦਾਗੇ ਗਏ ਰਾਕੇਟ ਦੇਖੇ।

ਇਸ ਤੋਂ ਪਹਿਲਾਂ ਕਿ ਉਹ ਕੁਝ ਸਮਝ ਪਾਉਂਦੇ, ਹਮਾਸ ਦੇ ਲੜਾਕੇ ਮੋਟਰਸਾਈਕਲਾਂ, ਵਾਹਨਾਂ ਅਤੇ ਟਰੈਕਟਰਾਂ ਨਾਲ ਉੱਥੇ ਪਹੁੰਚ ਗਏ ਅਤੇ ਤੇਜ਼ੀ ਨਾਲ ਗੋਲੀਬਾਰੀ ਸ਼ੁਰੂ ਕਰ ਦਿੱਤੀ। ਲੋਕਾਂ ਵਿਚ ਹਫੜਾ-ਦਫੜੀ ਮਚ ਗਈ। ਹਰ ਕੋਈ ਆਪਣੀ ਜਾਨ ਬਚਾਉਣ ਲਈ ਇਧਰ-ਉਧਰ ਭੱਜਣ ਲੱਗੇ। ਰਾਕੇਟ ਹਮਲਿਆਂ ਤੋਂ ਬਚਣ ਲਈ ਲੁਕੇ। ਕੁਝ ਲੋਕ ਜ਼ਮੀਨ 'ਤੇ ਲੇਟ ਗਏ।

ਕੁਝ ਹੀ ਸਮੇਂ ਵਿਚ, ਹਜ਼ਾਰਾਂ ਰਾਕੇਟ ਅਸਮਾਨ ਤੋਂ ਇਜ਼ਰਾਈਲ ਵੱਲ ਵਧਣ ਲੱਗੇ, ਜੋਕਿ ਕਿਤੇ ਵੀ ਹਮਲਾ ਕਰ ਸਕਦੇ ਹਨ। ਰਾਕੇਟ ਹਮਲਿਆਂ ਦੌਰਾਨ ਹਮਾਸ ਦੇ ਲੜਾਕੇ ਪੈਰਾਗਲਾਈਡਿੰਗ, ਬਾਈਕ ਅਤੇ ਕਾਰ ਰਾਹੀਂ ਇਜ਼ਰਾਇਲੀ ਸਰਹੱਦ ਵਿਚ ਦਾਖਲ ਹੋ ਰਹੇ ਸਨ। ਇਸ ਦੌਰਾਨ ਮਿਊਜ਼ਿਕ ਫੈਸਟੀਵਲ ਨੇੜੇ ਮਿਲਟਰੀ ਬੇਸ 'ਤੇ ਵੀ ਹਮਲਾ ਕੀਤਾ ਗਿਆ।

ਹਮਾਸ ਨੇ ਸੰਗੀਤ ਸਮਾਰੋਹ ਵਾਲੀ ਥਾਂ ਨੂੰ ਤਿੰਨ ਪਾਸਿਓਂ ਘੇਰ ਲਿਆ। ਇੱਕ ਹੀ ਦਿਸ਼ਾ ਸੀ ਜਿੱਥੋਂ ਬਚਣਾ ਸੰਭਵ ਸੀ। ਇਸ ਦਿਸ਼ਾ ਵਿੱਚ ਹਮਾਸ ਦੇ ਲੜਾਕੇ ਇਜ਼ਰਾਇਲੀਆਂ ਨੂੰ ਨਿਸ਼ਾਨਾ ਬਣਾ ਰਹੇ ਸਨ। ਲੋਕ ਆਪਣੇ ਵਾਹਨਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਸਨ ਪਰ ਗੋਲੀਬਾਰੀ ਇੰਨੀ ਜ਼ਬਰਦਸਤ ਸੀ ਕਿ ਇਹ ਸੰਭਵ ਨਹੀਂ ਹੋ ਸਕਿਆ।

ਤਿਉਹਾਰ ਦੇ ਮੱਦੇਨਜ਼ਰ ਪੁਲਿਸ ਅਤੇ ਸੁਰੱਖਿਆ ਅਧਿਕਾਰੀਆਂ ਦੀਆਂ ਕਈ ਕਾਰਾਂ ਨੇ ਸੜਕ 'ਤੇ ਜਾਮ ਲਗਾ ਦਿੱਤਾ ਸੀ। ਅਜਿਹੇ ਵਿਚ ਲੋਕ ਆਪਣੇ ਵਾਹਨ ਉੱਥੇ ਹੀ ਛੱਡ ਕੇ ਸੜਕ 'ਤੇ ਦੌੜਨ ਲੱਗੇ। ਲੋਕ ਖੁੱਲ੍ਹੇ ਮੈਦਾਨ ਵਿੱਚ ਚੀਕਦੇ ਹੋਏ ਭੱਜਦੇ ਦੇਖੇ ਗਏ। ਬਹੁਤ ਸਾਰੇ ਲੋਕ ਥਕਾਵਟ ਅਤੇ ਡਰ ਕਾਰਨ ਦਰੱਖਤਾਂ ਦੇ ਪਿੱਛੇ ਲੁਕੇ ਹੋਏ ਦੇਖੇ ਗਏ। ਇਸ ਦੌਰਾਨ ਗੋਲੀਬਾਰੀ ਕਾਰਨ ਸੜਕ ਦੇ ਨੇੜੇ ਖੜ੍ਹੀਆਂ 100 ਤੋਂ ਵੱਧ ਕਾਰਾਂ ਤਬਾਹ ਹੋ ਗਈਆਂ।

# ਗ੍ਰੀਨਬੈਲਟ ਲੈਂਡ ਦੀ ਅਦਲਾ ਬਦਲੀ ਮਾਮਲੇ ਵਿੱਚ ਆਰਸੀਐਮਪੀ ਨੇ ਲਾਂਚ ਕੀਤੀ ਜਾਂਚ



ਓਨਟਾਰੀਓ, 10 ਅਕਤੂਬਰ (ਪੋਸਟ ਬਿਊਰੋ) : ਫੋਰਡ ਸਰਕਾਰ ਦੇ ਵਿਵਾਦਗ੍ਰਸਤ ਗ੍ਰੀਨਬੈਲਟ ਲੈਂਡ ਅਦਲਾ ਬਦਲੀ ਮਾਮਲੇ ਦੀ ਆਰਸੀਐਮਪੀ ਵੱਲੋਂ ਰਸਮੀ ਤੌਰ ਉੱਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਇੱਕ ਬਿਆਨ ਵਿੱਚ ਆਰਸੀਐਮਪੀ ਨੇ ਆਖਿਆ ਕਿ ਉਨ੍ਹਾਂ ਦੀ ਇੰਟਰਨੈਸ਼ਨਲ ਇਨਵੈਸਟੀਗੇਸ਼ਨਜ਼ ਯੂਨਿਟ ਨੇ ਪ੍ਰੋਵਿੰਸ ਆਫ ਓਨਟਾਰੀਓ ਵੱਲੋਂ ਗ੍ਰੀਨਬੈਲਟ ਡਿਵੈਲਪਮੈਂਟ ਲਈ ਜ਼ਮੀਨ ਦੇਣ ਦੇ ਮਾਮਲੇ ਵਿੱਚ ਲੱਗ ਰਹੇ ਦੋਸ਼ਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਆਰਸੀਐਮਪੀ ਨੇ ਆਖਿਆ ਕਿ ਉਹ ਮੰਨਦੇ ਹਨ ਕਿ ਇਸ ਜਾਂਚ ਦੇ ਕੈਨੇਡੀਅਨਜ਼ ਲਈ ਅਹਿਮ ਮਾਇਨੇ ਹਨ ਤੇ ਆਰਸੀਐਮਪੀ ਦਾ ਫਰਜ਼ ਬਣਦਾ ਹੈ ਕਿ ਸਾਰੇ ਮਾਮਲੇ ਦੀ ਘੋਖ ਕਰਕੇ ਨਤੀਜੇ ਪੇਸ਼ ਕੀਤੇ ਜਾਣ।ਇਹ ਵੀ ਆਖਿਆ ਗਿਆ ਕਿ ਹਾਲ ਦੀ ਘੜੀ ਉਨ੍ਹਾਂ ਵੱਲੋਂ ਕੋਈ ਹੋਰ ਅਪਡੇਟ ਮੁਹੱਈਆ ਨਹੀਂ ਕਰਵਾਈ ਜਾਵੇਗੀ।

ਇਸ ਦੌਰਾਨ ਪ੍ਰੀਮੀਅਰ ਡੱਗ ਫੋਰਡ ਦੇ ਆਫਿਸ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਆਖਿਆ ਗਿਆ ਕਿ ਸਰਕਾਰ ਇਸ ਜਾਂਚ ਨਾਲ ਪੂਰੀ ਤਰ੍ਹਾਂ ਸਹਿਯੋਗ ਦੇਵੇਗੀ। ਇਹ ਵੀ ਆਖਿਆ ਗਿਆ ਕਿ ਫੋਰਡ ਸਰਕਾਰ ਵੱਲੋਂ ਕਿਸੇ ਵੀ ਤਰ੍ਹਾਂ ਦੀ ਗੜਬੜ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਗ੍ਰੀਨਬੈਲਟ ਲੈਂਡਜ਼ ਮਾਮਲੇ ਵਿੱਚ ਫੈਸਲੇ ਲੈਣ ਵਾਲਿਆਂ ਵੱਲੋਂ ਜੇ ਕੋਈ ਗੜਬੜੀ ਕੀਤੀ ਗਈ ਹੋਵੇਗੀ ਤਾਂ ਉਨ੍ਹਾਂ ਉੱਤੇ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇਗੀ। ਇਹ ਵੀ ਆਖਿਆ ਗਿਆ ਕਿ ਪੁਲਿਸ ਤੇ ਉਸ ਦੀ ਪ੍ਰਕਿਰਿਆ ਲਈ ਸਨਮਾਨ ਵਜੋਂ ਸਰਕਾਰ ਅੱਗੇ ਇਸ ਮਾਮਲੇ ਦੀ ਜਾਂਚ ਸਬੰਧੀ ਕੋਈ ਟਿੱਪਣੀ ਨਹੀਂ ਕਰੇਗੀ।

# ਨਾਈਟਕਲੱਬ ਤੋਂ ਮਹਿਲਾ ਨੂੰ ਅਗਵਾ ਕਰਨ ਦੇ ਮਾਮਲੇ ਵਿੱਚ ਨੌਂ ਗ੍ਰਿਫਤਾਰ



ਮਿਸੀਸਾਗਾ, 10 ਅਕਤੂਬਰ (ਪੋਸਟ ਬਿਊਰੋ) : ਅਗਸਤ ਵਿੱਚ ਮਿਸੀਸਾਗਾ ਦੇ ਨਾਈਟ ਕਲੱਬ ਤੋਂ ਇੱਕ ਮਹਿਲਾ ਨੂੰ ਕਥਿਤ ਤੌਰ ਉੱਤੇ ਅਗਵਾ ਕਰਨ ਦੇ ਮਾਮਲੇ ਵਿੱਚ ਨੌਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਿਸ ਅਨੁਸਾਰ ਟੋਰਾਂਟੋ ਦੀ ਇੱਕ ਮਹਿਲਾ 24 ਅਗਸਤ ਨੂੰ ਬ੍ਰਿਟੇਨੀਆ ਰੋਡ ਈਸਟ ਤੇ ਡਿਕਸੀ ਰੋਡ ਏਰੀਆ ਵਿੱਚ ਸਥਿਤ ਇੱਕ ਨਾਈਟਕਲੱਬ ਗਈ ਤੇ ਰਾਤੀਂ 9:00 ਵਜੇ ਤੋਂ ਪਹਿਲਾਂ ਹੀ ਉਸ ਨੂੰ ਕੁੱਝ ਵਿਅਕਤੀਆਂ ਵੱਲੋਂ ਅਗਵਾ ਕਰਕੇ ਚੋਰੀ ਦੀ ਗੱਡੀ ਵਿੱਚ ਧੱਕੇ ਨਾਲ ਬਿਠਾ ਲਿਆ ਗਿਆ। ਪੀਲ ਪੁਲਿਸ ਨੇ ਦੱਸਿਆ ਕਿ ਉਸ ਮਹਿਲਾ ਨੂੰ ਓਵਨ ਸਾਊਂਡ ਦੀਆਂ ਕਈ ਲੋਕੇਸ਼ਨਾਂ ਉੱਤੇ ਲਿਜਾਇਆ ਗਿਆ ਤੇ 48 ਘੰਟੇ ਮਗਰੋਂ ਟੋਰਾਂਟੋ ਦੇ ਏਰੀਏ ਵਿੱਚ ਉਸ ਨੂੰ ਛੱਡ ਦਿੱਤਾ ਗਿਆ। ਪੁਲਿਸ ਨੇ ਦੱਸਿਆ ਕਿ ਇਸ ਮਹਿਲਾ ਨੂੰ ਸ਼ਰੀਰਕ ਤੌਰ ਉੱਤੇ ਕੋਈ ਸੱਟ ਫੇਟ ਨਹੀਂ ਲੱਗੀ। ਮੰਗਲਵਾਰ ਨੂੰ ਪੁਲਿਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਇਸ ਘਟਨਾ ਦੇ ਸਬੰਧ ਵਿੱਚ ਨੌਂ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇੱਕ ਮਸ਼ਕੂਕ ਅਜੇ ਵੀ ਫਰਾਰ ਹੈ ਤੇ ਇਸ ਸਬੰਧ ਵਿੱਚ ਕੈਨੇਡਾ ਪੱਧਰ ਉੱਤੇ ਉਸ ਦਾ ਵਾਰੰਟ ਜਾਰੀ ਕੀਤਾ ਗਿਆ ਹੈ।

ਕਿਡਨੈਪਿੰਗ ਦੇ ਦੋਸ਼ਾਂ ਵਿੱਚ ਨਿਊਮਾਰਕਿਟ ਦੇ 28 ਸਾਲਾ ਮੁਹੰਮਦ ਹਬੀਬਨੀਆ, ਮਿਸੀਸਾਗਾ ਦੇ 20 ਸਾਲਾ ਮੁਹੰਮਦ ਖੈਰੀ, ਕੌਂਕਰਡ ਦੇ 22 ਸਾਲਾ ਡੈਨੀਅਲ ਗੌਥਚਾਰੇਵ, ਮਿਸੀਸਾਗਾ ਦੇ 22 ਸਾਲਾ ਮੁਹੰਮਦ ਹਲੀਮੀ, 35 ਸਾਲਾ ਐਰਨ ਮਾਰਸ਼ਲ, ਜਿਸ ਦਾ ਕੋਈ ਪੱਕਾ ਪਤਾ ਨਹੀਂ ਹੈ, ਮੀਫੋਰਡ ਦੀ 31 ਸਾਲਾ ਜੈਸਿਕਾ ਪ੍ਰੌਕਟਰ, ਓਕਵਿੱਲ ਦੇ 19 ਸਾਲਾ ਤੇਅਸਾਨ ਐਟਕਿੰਜ਼ ਤੇ ਓਵਨ ਸਾਊਂਡ ਦੇ 46 ਸਾਲਾ ਡੈਰਨ ਮੈਕੈਨ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਮਿਸੀਸਾਗਾ ਦੇ 26 ਸਾਲਾ ਮੁਹੰਮਦ ਸਾਲੇਹ ਨੂੰ ਇਸ ਜੁਰਮ ਵਿੱਚ ਸਹਿਯੋਗ ਕਰਨ ਲਈ ਚਾਰਜ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮਿਸੀਸਾਗਾ ਦਾ 22 ਸਾਲਾ ਕਰੀਮ ਖੈਰੀ ਵੀ ਮਾਮਲੇ ਦੀ ਜਾਂਚ ਦੇ ਸਬੰਧ ਵਿੱਚ ਵਾਂਟਿਡ ਹੈ। ਇਸ ਅਗਵਾਕਾਂਡ ਦਾ ਮੰਤਵ ਕੀ ਸੀ ਇਸ ਬਾਰੇ ਪੁਲਿਸ ਵੱਲੋਂ ਕੋਈ ਜਾਣਕਾਰੀ ਨਹੀਂ ਮੁਹੱਈਆ ਕਰਵਾਈ ਗਈ।

# ਯੂਨੀਫੌਰ ਤੇ ਜੀ ਐਮ ਵਿਚਕਾਰ ਡੀਲ ਸਿਰੇ ਚੜ੍ਹੀ



ਓਨਟਾਰੀਓ, 10 ਅਕਤੂਬਰ (ਪੋਸਟ ਬਿਊਰੋ) :ਯੂਨੀਫੌਰ ਦਾ ਕਹਿਣਾ ਹੈ ਕਿ ਜਨਰਲ ਮੋਟਰਜ਼ ਨਾਲ ਉਨ੍ਹਾਂ ਦੀ ਡੀਲ ਸਿਰੇ ਚੜ੍ਹ ਗਈ ਹੈ। ਓਨਟਾਰੀਓ ਵਿੱਚ ਇਸ ਆਟੋਮੇਕਰ ਦੀਆਂ ਤਿੰਨ ਫੈਸਿਲਿਟੀਜ਼ ਵਿੱਚ ਹੜਤਾਲ ਕਰਨ ਤੋਂ ਬਾਅਦ ਇਹ ਡੀਲ ਸਿਰੇ ਚੜ੍ਹੀ ਦੱਸੀ ਜਾਂਦੀ ਹੈ।

ਯੂਐਸ ਦੀ ਇਸ ਆਟੋ ਨਿਰਮਾਤਾ ਕੰਪਨੀ ਨਾਲ ਕੋਈ ਡੀਲ ਸਿਰੇ ਚੜ੍ਹਦੀ ਨਾ ਵੇਖ ਕੇ ਜੀਐਮ ਦੇ ਵਰਕਰਜ਼, ਜਿਨ੍ਹਾਂ ਦੀ ਆਪਣੀ ਯੂਨੀਅਨ ਹੈ, ਨੇ ਮੰਗਲਵਾਰ ਨੂੰ ਓਸ਼ਵਾ ਅਸੈਂਬਲੀ ਪਲਾਂਟ, ਸੇਂਟ ਕੈਥਰੀਨਜ਼ ਪੌਵਰਟਰੇਨ ਪਲਾਂਟ ਤੇ ਵੁੱਡਸਟਾਕ ਪਾਰਟਸ ਡਿਸਟ੍ਰਿਬਿਊਸ਼ਨ ਸੈਂਟਰ ਉੱਤੇ ਹੜਤਾਲ ਸ਼ੁਰੂ ਕੀਤੀ ਸੀ।ਇੱਕ ਰਲੀਜ਼ ਵਿੱਚ ਯੂਨੀਫੌਰ ਦੀ ਨੈਸ਼ਨਲ ਪ੍ਰੈਜ਼ੀਡੈਂਟ ਲਾਨਾ ਪੇਅਨ ਨੇ ਆਖਿਆ ਕਿ ਸਾਡੇ ਮੈਂਬਰਾਂ ਦੀ ਇੱਕਜੁੱਟਤਾ ਕਾਰਨ ਹੀ ਇਹ ਸਮਝੌਤਾ ਸਿਰੇ ਚੜ੍ਹ ਸਕਿਆ ਹੈ। ਉਨ੍ਹਾਂ ਆਖਿਆ ਕਿ ਅਸੀਂ ਫੋਰਡ ਮੋਟਰ ਕੰਪਨੀ ਨਾਲ ਹੋਏ ਸਮਝੌਤੇ ਨੂੰ ਮਿਸਾਲ ਵਜੋਂ ਵਰਤ ਕੇ ਇਸ ਸਮਝੌਤੇ ਨੂੰ ਸਿਰੇ ਚੜ੍ਹਾਇਆ।

ਇਹ ਨਵਾਂ ਸਮਝੌਤਾ ਯੂਨੀਫੌਰ ਲੋਕਲ 222,199 ਤੇ 636 ਦੇ 43,00 ਆਟੋਵਰਕਰਜ਼ ਨੂੰ ਕਵਰ ਕਰੇਗਾ। ਇਸ ਦੌਰਾਨ ਜੀਐਮ ਕੈਨੇਡਾ ਦੀ ਪ੍ਰੈਜ਼ੀਡੈਂਟ ਮਰੀਸਾ ਵੈਸਟ ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ਕਿ ਇਸ ਸਮਝੌਤੇ ਨਾਲ ਟੀਮ ਮੈਂਬਰਜ਼ ਦੇ ਕਈ ਤਰ੍ਹਾਂ ਦੇ ਯੋਗਦਾਨ ਨੂੰ ਮਾਨਤਾ ਮਿਲੇਗੀ। ਕੰਪਨੀ ਨੇ ਆਖਿਆ ਕਿ ਉਨ੍ਹਾਂ ਨੂੰ ਆਸ ਹੈ ਕਿ ਉਨ੍ਹਾਂ ਦੀ ਸਾਰੀਆਂ ਫੈਸਿਲਿਟੀਜ਼ ਉੱਤੇ ਕੰਮ ਸ਼ੁਰੂ ਹੋ ਜਾਵੇਗਾ।


NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

Allstate. You're in good hands.
+ Insurance
*Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

INSURANCE
○Home ○Auto
○Business ○Trucking
○Life Insurance ○Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre 25
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਅਮਰੀਕਾ ਵਿਚ ਇੱਕ ਵਿਅਕਤੀ ਕਾਰ ਲੈ ਕੇ ਨਾਲ ਚੀਨੀ ਦੂਤਾਵਾਸ ਵਿਚ ਹੋਇਆ ਦਾਖਲ, ਪੁਲਿਸ ਨੇ ਮਾਰੀ ਗੋਲੀ



ਵਾਸ਼ਿੰਗਟਨ, 10 ਅਕਤੂਬਰ (ਪੋਸਟ ਬਿਊਰੋ): ਅਮਰੀਕਾ ਦੇ ਸੈਨ ਫਰਾਂਸਿਸਕੋ ਵਿੱਚ ਮੰਗਲਵਾਰ ਸਵੇਰੇ ਇੱਕ ਵਿਅਕਤੀ ਕਾਰ ਨਾਲ ਚੀਨੀ ਵਣਜ ਦੂਤਘਰ ਵਿਚ ਦਾਖਲ ਹੋਇਆ। ਪੁਲਿਸ ਨੇ ਉਸ ਨੂੰ ਮਾਰ ਦਿੱਤਾ ਹੈ।

ਪੁਲਿਸ ਨੇ ਕਿਹਾ ਕਿ ਅਸੀਂ ਇਕ ਅਣਪਛਾਤੇ ਵਿਅਕਤੀ ਨੂੰ ਗੋਲੀ ਮਾਰ ਦਿੱਤੀ ਹੈ ਜੋ ਕੌਂਸਲੇਟ ਵਿਚ ਦਾਖਲ ਹੋਇਆ ਸੀ। ਇਸ ਘਟਨਾ ਦਾ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਇਸ ਵਿੱਚ ਕੌਂਸਲੇਟ ਦੇ ਅੰਦਰ ਇੱਕ ਨੀਲੇ ਰੰਗ ਦੀ ਗੱਡੀ ਦਿਖਾਈ ਦੇ ਰਹੀ ਹੈ। ਦਰਵਾਜ਼ੇ ਟੁੱਟ ਗਏ ਹਨ। ਲੋਕ ਦੌੜਦੇ ਵੀ ਵੇਖੇ ਜਾ ਸਕਦੇ ਹਨ।

ਇਹ ਘਟਨਾ ਅਜਿਹੇ ਸਮੇਂ ਵਿਚ ਵਾਪਰੀ ਹੈ ਜਦੋਂ ਸਾਨ ਫਰਾਂਸਿਸਕੋ ਵਿਚ ਏਸ਼ੀਆ-ਪ੍ਰਸ਼ਾਂਤ ਆਰਥਿਕ ਸਹਿਯੋਗ ਦੀ ਬੈਠਕ ਹੋਣ ਜਾ ਰਹੀ ਹੈ। ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਇਸ ਵਿੱਚ ਹਿੱਸਾ ਲੈ ਸਕਦੇ ਹਨ। ਇਹ ਮੀਟਿੰਗ ਅਗਲੇ ਮਹੀਨੇ ਮਤਲਬ ਨਵੰਬਰ ਵਿੱਚ ਹੋਣ ਜਾ ਰਹੀ ਹੈ।

ਚੀਨੀ ਵਣਜ ਦੂਤਘਰ ਨੇ ਇਕ ਬਿਆਨ ਵਿਚ ਕਿਹਾ ਕਿ ਵਣਜ ਦੂਤਘਰ ਵਿਚ ਦਾਖਲ ਹੋਣ ਵਾਲਾ ਵਿਅਕਤੀ ਸਾਡੇ ਸਟਾਫ ਅਤੇ ਲੋਕਾਂ ਲਈ ਖਤਰਾ ਸੀ। ਅਸੀਂ ਅਜਿਹੇ ਹਮਲਿਆਂ ਦੀ ਨਿੰਦਾ ਕਰਦੇ ਹਾਂ। ਇਸ ਦੇ ਨਾਲ ਹੀ ਚੀਨ ਦੇ ਵਿਦੇਸ਼ ਮੰਤਰਾਲੇ ਨੇ ਦੋਸ਼ ਲਗਾਇਆ ਹੈ ਕਿ ਇਕ ਅਣਪਛਾਤਾ ਵਿਅਕਤੀ ਲੋਕਾਂ ਨੂੰ ਮਾਰਨ ਲਈ ਅੰਦਰ ਦਾਖਲ ਹੋਇਆ ਸੀ। ਪੁਲਿਸ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਅਕਾਲੀ ਦਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਐੱਸ.ਵਾਈ.ਐੱਲ. 'ਤੇ ਬਹਿਸ ਕਰਨ ਵਾਸਤੇ ਉਨ੍ਹਾਂ ਦੀ ਰਿਹਾਇਸ਼ ਵੱਲ ਜਾਂਦਿਆਂ ਜਲ ਤੋਪਾਂ ਨਾਲ ਰੋਕਿਆ

## ਅਕਾਲੀ ਦਲ ਦੇ ਪ੍ਰਧਾਨ ਨੇ ਐਸ ਵਾਈ ਐਲ ਅਤੇ ਹੋਰ ਮਸਲਿਆਂ 'ਤੇ ਬਹਿਸ ਕਰਨ ਨਾਲੋਂ ਮੁੱਖ ਮੰਤਰੀ ਵੱਲੋਂ ਕੇਜਰੀਵਾਲ ਨਾਲ ਮੱਧ ਪ੍ਰਦੇਸ਼ ਭੱਜਣ ਨੂੰ ਤਰਜੀਹ ਦੇਣ ਦੀ ਕੀਤੀ ਨਿਖੇਧੀ





ਚੰਡੀਗੜ੍ਹ, 10 ਅਕਤੂਬਰ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਅਤੇ ਯੂਥ ਅਕਾਲੀ ਦਲ ਦੇ ਵਾਲੰਟੀਅਰਜ਼ ਨੇ ਅੱਜ ਸਤਲੁਜ ਯਮੁਨਾ ਲਿੰਕ ਨਹਿਰ (ਐਸ ਵਾਈ ਐਲ) ਤੇ ਸੂਬੇ ਨੂੰ ਦਰਪੇਸ਼ ਹੋਰ ਭੱਖਦੇ ਮਸਲਿਆਂ 'ਤੇ ਬਹਿਸ ਕਰਨ ਵਾਸਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਵੱਲ ਜਾਂਦਿਆਂ ਮਾਨ ਦੇ ਹੁਕਮਾਂ 'ਤੇ ਹੋਈ ਵਧੀਕੀ ਤੇ ਜਲ ਤੋਪਾਂ ਦਾ ਸਾਹਮਣਾ ਬਹਾਦਰੀ ਨਾਲ ਕੀਤਾ।

ਅਕਾਲੀ ਦਲ ਦੇ ਪ੍ਰਧਾਨ ਨੇ ਸਭ ਤੋਂ ਮੋਹਰੀ ਹੋਰ ਅਗਵਾਈ ਕਰਦਿਆਂ ਪਾਰਟੀ ਵਰਕਰਾਂ ਨੂੰ ਉਦੋਂ ਸੜਕ 'ਤੇ ਸੰਬੋਧਨ ਵੀ ਕੀਤਾ ਜਦੋਂ ਪਾਰਟੀ ਵਰਕਰਾਂ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਜਾਣ ਤੋਂ ਰੋਕ ਦਿੱਤਾ ਗਿਆ। ਉਹਨਾਂ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਗੱਲ ਹੈ ਕਿ ਸ਼੍ਰੋਮਣੀ ਅਕਾਲੀ ਦਲ ਨਾਲ ਐਸ ਵਾਈ ਐਲ ਨਹਿਰ ਦੇ ਮਾਮਲੇ 'ਤੇ ਪੰਜਾਬ ਨਾਲ ਕੀਤੀ ਗੱਦਾਰੀ 'ਤੇ ਬਹਿਸ ਕਰਨ ਦੀ ਥਾਂ ਮੁੱਖ ਮੰਤਰੀ ਨੇ ਭੱਜਣ ਨੂੰ ਤਰਜੀਹ ਦਿੱਤੀ। ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਇਕ ਵਾਹਨ 'ਤੇ ਚੜ੍ਹ ਕੇ ਵਰਕਰਾਂ ਨੂੰ ਸੰਬੋਧਨ ਕਰ ਰਹੇ ਸਨ ਤਾਂ ਚੰਡੀਗੜ੍ਹ ਦੀਆਂ ਸੜਕਾਂ 'ਤੇ 'ਭੱਜ ਗਿਆ ਬਈ ਭੱਜ ਗਿਆ' ਦੇ ਨਾਅਰੇ ਗੂੰਜਣ ਲੱਗ ਪਏ। ਪਾਰਟੀ ਵਰਕਰਾਂ ਨੇ ਮੁੱਖ ਮੰਤਰੀ ਦੇ ਨਾਂ ਵਾਲੀ ਖਾਲੀ ਚੇਅਰ ਵਾਹਨ 'ਤੇ ਰੱਖ ਦਿੱਤੀ ਤੇ ਦਰਸਾਇਆ ਕਿ ਕਿਵੇਂ ਭਗਵੰਤ ਮਾਨ ਬਹਿਸ ਤੋਂ ਭੱਜ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਨੇ ਮੈਨੂੰ ਚੁਣੌਤੀ ਦਿੱਤੀ ਸੀ ਕਿ ਐਸ ਵਾਈ ਐਲ 'ਤੇ ਬਹਿਸ ਕਰਕੇ ਵਿਖਾਉਣ ਤੇ ਮੈਂ ਚੁਣੌਤੀ ਪ੍ਰਵਾਨ ਕਰ ਲਈ ਅਤੇ ਇਹ ਵੀ ਐਲਾਨ ਕੀਤਾ ਕਿ ਮੈਂ ਬਹਿਸ ਵਾਸਤੇ ਉਹਨਾਂ ਦੀ ਰਿਹਾਇਸ਼ 'ਤੇ ਆਵਾਂਗਾ। ਉਹਨਾਂ ਕਿਹਾ ਕਿ ਮੈਂ ਸੋਚਿਆਸੀ ਕਿ ਮੁੱਖ ਮੰਤਰੀ ਉਸੇ ਤਰੀਕੇ ਸਾਨੂੰ ਰਿਹਾਇਸ਼ 'ਤੇ ਜੀ ਆਇਆਂ ਆਖਣਗੇ ਜਿਵੇਂ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਭਗਵੰਤ ਮਾਨ ਤੇ ਆਪ ਲੀਡਰਸ਼ਿਪ ਸਮੇਤ ਉਹਨਾਂ ਦੀ ਰਿਹਾਇਸ਼ 'ਤੇ ਆਉਣ ਵਾਲੇ ਵਿਖਾਵਾਕਾਰੀਆਂ ਨੂੰ ਜੀ ਆਇਆਂ ਕਹਿੰਦੇ ਸਨ ਪਰ ਉਹਨਾਂ ਮੇਰਾ ਤੇ ਅਕਾਲੀ ਦਲ ਦਾ ਸਾਹਮਣਾ ਕਰਨ ਨਾਲੋਂ ਕੇਜਰੀਵਾਲ ਨਾਲ ਮੱਧ ਪ੍ਰਦੇਸ਼ ਭੱਜਣ ਨੂੰ ਤਰਜੀਹ ਦਿੱਤੀ।

ਬਾਦਲ ਨੇ ਕਿਹਾ ਕਿ ਪਾਣੀ ਪੰਜਾਬ ਲਈ ਉਸੇ ਤਰੀਕੇ ਕੁਦਰਤੀ ਸਰੋਤ ਹੈ ਜਿਵੇਂ ਛਤੀਸਗੜ੍ਹ ਲਈ ਕੋਲਾ ਤੇ ਰਾਜਸਥਾਨ ਲਈ ਸੰਗਮਰਮਰ। ਉਹਨਾਂ ਕਿਹਾ ਕਿ ਇਹ ਸਰੋਤ 1955 ਵਿਚ ਸਾਡੇ ਤੋਂ ਖੋਹ ਲਿਆ ਗਿਆਸੀ ਜਦੋਂ ਸਮੇਂ ਦੀ ਕਾਂਗਰਸ ਸਰਕਾਰ ਨੇ ਸਾਡਾ ਅੱਧਾ ਦਰਿਆਈ ਪਾਣੀ ਰਾਜਸਥਾਨ ਨੂੰ ਦੇ ਦਿੱਤਾ ਸੀ ਅਤੇ ਇਸ ਮਗਰੋਂ 1976 ਵਿਚ ਰਹਿੰਦੇ ਪਾਣੀ ਵਿਚੋਂ ਅੱਧਾ ਹਰਿਆਣਾ ਨੂੰ ਦੇ ਦਿੱਤਾ ਗਿਆ। ਉਹਨਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਪੰਜਾਬ ਪੁਨਰਗਠਨ ਐਕਟ ਦੀ ਧਾਰਾ 78 ਜਿਸ ਤਹਿਤ ਕੇਂਦਰ ਸਰਕਾਰ ਨਵੇਂ ਰਾਜਾਂ ਨੂੰ ਪਾਣੀ ਅਲਾਟ ਕਰ ਸਕਦੀ ਹੈ, ਨੂੰ ਸੁਪਰੀਮ ਕੋਰਟ ਵਿਚ ਚੁਣੌਤੀ ਦੇ ਕੇ ਹੋਏ ਅਨਿਆਂ ਦੀ ਦਰੁੱਸਤੀ ਕਰਨ ਦੀ ਕੋਸ਼ਿਸ਼ ਕੀਤੀ। ਪਰ 1981 ਵਿਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਦਰਬਾਰਾ ਸਿੰਘ ਨੂੰ ਕੇਸ ਵਾਪਸ ਲੈਣ ਅਤੇ ਸਤਲੁਜ ਯਮੁਨਾ ਲਿੰਕ ਨਹਿਰ ਬਣਾਉਣ ਲਈ ਰਾਜ਼ੀ ਕੀਤਾ ਤੇ ਫਿਰ 1982 ਵਿਚ ਇੰਦਰਾ ਗਾਂਧੀ ਨੇ ਨਹਿਰ ਦੀ ਉਸਾਰੀ ਸ਼ੁਰੂ ਕਰਵਾਈ।

ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਕਿਵੇਂ ਆਪ ਸਰਕਾਰ ਨੇ ਸਮਾਜ ਦੇ ਹਰ ਵਰਗ ਨਾਲ ਧੋਖਾ ਕੀਤਾ ਹੈ ਤੇ ਪੰਜਾਬੀਆਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ। ਉਹਨਾਂ ਕਿਹਾ ਕਿ ਸਰਕਾਰ ਔਰਤਾਂ ਨੂੰ ਇਕ-ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਨਹੀਂ ਦੇ ਰਹੀ, ਨਾ ਹੀ ਬੇਰੋਜ਼ਗਾਰੀ ਭੱਤਾ ਤੇ 2500 ਰੁਪਏ ਬੁਢਾਪਾ ਪੈਨਸ਼ਨ ਦੇ ਰਹੀ ਹੈ, ਨਾ ਹੀ ਠੇਕੇ 'ਤੇ ਕੰਮ ਕਰਦੇ ਮੁਲਾਜ਼ਮ ਰੈਗੂਲਰ ਕੀਤੇ ਹਨ, ਨਾ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਹੈ, ਨਾ ਹੀ 10 ਦਿਨਾਂ ਵਿਚ ਨਸ਼ਾ ਤਸਕਰੀ ਖਤਮ ਕੀਤੀ ਤੇ ਨਾ ਹੀ ਵੀ ਵੀ ਆਈ ਪੀ ਸਕਿਓਰਿਟੀ ਕਲਚਰ ਖਤਮ ਕੀਤਾ ਹੈ।

ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਰਾਜ ਦਾ ਸਰਕਾਰੀ ਖ਼ਜ਼ਾਨਾ ਲੁਟ-ਇਆ ਜਾ ਰਿਹਾ ਹੈ ਤੇ 750 ਕਰੋੜ ਰੁਪਏ ਇਸ਼ਤਿਹਾਰਬਾਜ਼ੀ 'ਤੇ ਖਰਚ ਕੀਤੇ ਜਾ ਰਹੇ ਹਨ ਤੇ ਅਰਵਿੰਦ ਕੇਜਰੀਵਾਲ ਵੱਲੋਂ ਚੋਣਾਂ ਵਾਲੇ ਰਾਜਾਂ ਵਿਚ ਪ੍ਰਚਾਰ ਵਾਸਤੇ ਪ੍ਰਾਈਵੇਟ ਜੈਟ ਕਿਰਾਏ 'ਤੇ ਲਿਆ ਜਾ ਰਿਹਾ ਹੈ ਜਿਸ 'ਤੇ ਸਰਕਾਰੀ ਖ਼ਜ਼ਾਨੇ ਤੋਂ 120 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।

ਸੀਨੀਅਰ ਆਗੂਆਂ ਬਲਵਿੰਦਰ ਸਿੰਘ ਭੂੰਦੜ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਤੇ ਡਾ. ਦਲਜੀਤ ਸਿੰਘ ਚੀਮਾ ਨੇ ਵੀ ਇਸ ਮੌਕੇ ਸੰਬੋਧਨ ਕੀਤਾ ਜਦੋਂ ਕਿ ਬਿਕਰਮ ਸਿੰਘ ਮਜੀਠੀਆ, ਗੁਲਜ਼ਾਰ ਸਿੰਘ ਰਣੀਕੇ, ਹੀਰਾ ਸਿੰਘ ਗਾਬੜੀ ਤੇ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਵੀ ਇਸ ਮੌਕੇ ਸ਼ਮੂਲੀਅਤ ਕੀਤੀ।

## ਅੱਜ ਨਾਮਾ

ਸੱਟੇਬਾਜ਼ੀ ਦੀ ਚਰਚਾ ਵੀ ਛਿੜੀ ਸੁਣਿਆ,
ਰਹੀ ਪੜਤਾਲ ਡੁਬਈ ਤੱਕ ਚੱਲ ਮੀਆਂ।
ਲੱਖਾਂਕਰੋੜਾਂ ਦੀ ਖੇਡ ਨਹੀਂ ਰਹੀ ਕਹਿੰਦੇ,
ਅਰਬਾਂ ਤੱਕ ਫਿਰ ਚੱਲ ਪਈ ਗੱਲ ਮੀਆਂ।
ਡੁਬਈ ਤੀਕ ਨਾ ਰਹੀ ਆ ਜਾਂਚ ਸੀਮਤ,
ਤੁਰ ਪਈ ਓਥੋਂ ਮੁੰਬਈ ਦੇ ਵੱਲ ਮੀਆਂ।
ਚੱਕਰ ਜਿੰਦਾਂ ਦਾ ਕਹਿੰਦੇ ਹਨ ਪਈ ਜਾਂਦਾ,
ਹੋਣਾ ਕਈਆਂ ਤੋਂ ਇਹ ਨਹੀਂ ਝੱਲ ਮੀਆਂ।
ਚੰਗੇ ਐਕਟਰ ਤੇ ਲੋਕੀਂ ਸਤਿਕਾਰ ਕਰਦੇ,
ਮਾਇਆ ਪਾਉਂਦੀ ਹੈ ਮੰਦੜੇ ਰਾਹ ਮੀਆਂ।
ਲੇਖਾ ਦੇਣ ਦੀ ਜਦੋਂ ਫਿਰ ਘੜੀ ਆਉਂਦੀ,
ਮਿਲਦਾ ਸਾਹ ਦੇ ਨਾਲ ਨਹੀਂ ਸਾਹ ਮੀਆਂ।

**ਤੀਸ ਮਾਰ ਖਾਂ**


NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਵਰਲਡ ਸਿੱਖ ਪਾਰਲੀਮੈਂਟ ਵੱਲੋਂ ਚੌਥੇ ਗਲੋਬਲ ਸੈਸ਼ਨ ਵਿੱਚ, ਕੌਮ ਨੂੰ ਦਰਪੇਸ਼ ਚੁਣੌਤੀਆਂ ਅਤੇ ਅਗਲੇਰੀ ਰਣਨੀਤੀ ਸੰਬੰਧੀ ਹੋਈਆਂ ਖੁੱਲ ਕੇ ਵਿਚਾਰਾਂ



ਨਿਊਯਾਰਕ, (9 ਅਕਤੂਬਰ, 2023): ਵਰਲਡ ਸਿੱਖ ਪਾਰਲੀਮੈਂਟ ਦਾ ਚੌਥਾ ਦੋ ਦਿਨਾਂ ਜਰਨਲ ਇਜਲਾਸ ਨਿਊਯਾਰਕ, ਵਿੱਚ ਹੋਇਆ।

ਦੁਨੀਆ ਭਰ ਤੋਂ ਮੈਂਬਰ ਇਸ ਇਜਲਾਸ ਵਿੱਚ ਸ਼ਾਮਲ ਹੋਏ। ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਸ ਹਿੰਮਤ ਸਿੰਘ ਨੇ ਇਸ ਮੌਕੇ ਕਿਹਾ ਕਿ, "ਵਰਲਡ ਸਿੱਖ ਪਾਰਲੀਮੈਂਟ ਨੇ 29 ਅਪ੍ਰੈਲ ਨੂੰ ਸਿੱਖ ਅਜ਼ਾਦੀ ਦੇ ਐਲਾਨਨਾਮੇ ਦਿਹਾੜੇ ਵਜੋਂ ਮਾਨਤਾ ਦੇਣ ਵਾਲੇ, ਅਤੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ ਮਤਾ ਪਾਸ ਕਰਕੇ, 2015 ਵਿੱਚ ਹੋਏ ਸਰਬੱਤ ਖਾਲਸਾ ਦੇ ਗੁਰਮਤੇ ਨੂੰ ਹੋਰ ਫਿਰ ਤੋਂ ਮਜ਼ਬੂਤੀ ਨਾਲ ਦ੍ਰਿੜ ਕਰਵਾਇਆ ਹੈ।

ਵਰਲਡ ਸਿੱਖ ਪਾਰਲੀਮੈਂਟ- ਅੰਤਰਰਾਸ਼ਟਰੀ ਕਾਨੂੰਨ ਅਨੁਸਾਰ ਸੰਯੁਕਤ ਰਾਸ਼ਟਰ ਦੇ ਚਾਰਟਰ ਅਧੀਨ, ਸਿੱਖ ਪ੍ਰਭੂਸੱਤਾ ਲਈ ਸਵੈ-ਨਿਰਣੇ ਦੇ ਹੱਕ ਰਾਹੀਂ ਅਜ਼ਾਦ ਦੇਸ਼ ਖਾਲਿਸਤਾਨ ਦੀ ਸਥਾਪਤੀ ਤੱਕ ਮਜ਼ਬੂਤੀ ਨਾਲ ਪਹਿਰਾ ਦੇਣ ਲਈ ਵਚਨਬੱਧ ਹੈ ।

ਵਰਲਡ ਸਿੱਖ ਪਾਰਲੀਮੈਂਟ, ਜਿਸ ਵਿੱਚ ਵੱਖ-ਵੱਖ ਕੌਂਸਲਾਂ ਅਤੇ ਜਨਰਲ ਬਾਡੀ ਸ਼ਾਮਲ ਹਨ, ਨੇ ਆਪਣੀ ਚੌਥੀ ਜਨਰਲ ਇਜਲਾਸ ਦੀ ਮੀਟਿੰਗ 7 ਅਤੇ 8 ਅਕਤੂਬਰ, 2023 ਨੂੰ ਨਿਊਯਾਰਕ ਸਿਟੀ ਵਿੱਚ ਬੁਲਾਈ। ਇਸ ਸੈਸ਼ਨ ਦੌਰਾਨ ਵਰਲਡ ਸਿੱਖ ਪਾਰਲੀਮੈਂਟ ਦੇ ਉਦੇਸ਼ਾਂ ਨੂੰ ਅੱਗੇ ਵਧਾਉਣ ਲਈ ਮਹੱਤਵਪੂਰਨ ਵਿਚਾਰਾਂ ਤੋ ਬਾਅਦ ਮਤੇ ਪਾਸ ਕੀਤੇ ਗਏ।

ਵਰਲਡ ਸਿੱਖ ਪਾਰਲੀਮੈਂਟ ਦੇ ਬੁਲਾਰੇ ਡਾ.ਅਮਰਜੀਤ ਸਿੰਘ ਨੇ ਕਿਹਾ, "ਭਾਰਤ ਨੂੰ ਹੋਰਨਾ ਦੇਸ਼ਾਂ ਵਿੱਚ ਅੰਤਰ-ਰਾਸ਼ਟਰੀ ਅੱਤਵਾਦ ਅਤੇ ਜਬਰ ਦੀਆਂ ਗਤੀਵਿਧੀਆਂ ਲਈ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ ਜਿੱਥੇ ਜਿੱਥੇ ਵੀ ਸਿੱਖ ਕੌਮ ਦੇ ਸਵੈ-ਨਿਰਣੇ ਲਈ ਕੰਮ ਕਰਨ ਵਾਲੇ ਸਿੱਖ ਮਨੁੱਖੀ ਅਧਿਕਾਰ ਕਾਰਕੁਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਕਨੇਡਾ ਵਿੱਚ ਭਾਈ ਹਰਦੀਪ ਸਿੰਘ ਨਿੱਝਰ, ਯੂ.ਕੇ. ਵਿੱਚ ਭਾਈ ਅਵਤਾਰ ਸਿੰਘ ਖੰਡਾ ਅਤੇ ਪਾਕਿਸਤਾਨ ਵਿੱਚ ਭਾਈ ਪਰਮਜੀਤ ਸਿੰਘ ਪੰਜਵੜ ਦੇ ਸੰਬੰਧੀ ਪੂਰੀ ਜਾਂਚ ਹੋਣੀ ਚਾਹੀਦੀ ਹੈ।ਨਾਟੋ ਦੇਸ਼ਾਂ ਨੂੰ ਇਹਨਾਂ ਘਟਨਾਵਾਂ ਦਾ ਨੋਟਿਸ ਲੈਣਾ ਚਾਹੀਦਾ ਹੈ।ਭਾਰਤ ਵੱਲੋਂ ਨਾਟੋ ਦੇਸ਼ ਦੇ ਨਾਗਰਿਕ ਉੱਤੇ ਹਮਲਾ ਕਰਨਾ ਨਾਟੋ ਤੇ ਹਮਲਾ ਕਰ ਦੇਣ ਦੇ ਬਰਾਬਰ ਹੈ। ਭਾਰਤ ਨੂੰ ਇਸ ਦੇ ਸਿੱਟੇ ਭੁਗਤਾਉਣ ਲਈ ਇੰਨਾਂ ਦੇਸ਼ਾਂ ਨੂੰ ਹੁਣ ਪੇਸ਼ਕਦਮੀ ਕਰਨੀ ਚਾਹੀਦੀ ਹੈ।"

ਸੰਯੁਕਤ ਰਾਸ਼ਟਰ (ਯੂ.ਐਨ.) ਦੀ ਕੌਂਸਲ ਦੇ ਮੁਖੀ ਭਾਈ ਸਵਰਨਜੀਤ ਸਿੰਘ ਨੇ ਕਿਹਾ, "ਅਸੀਂ ਸੰਯੁਕਤ ਰਾਸ਼ਟਰ, ਇਸ ਦੀਆਂ ਸੰਸਥਾਵਾਂ, ਅੰਤਰਰਾਸ਼ਟਰੀ ਸੰਸਥਾਵਾਂ, ਚੁਣੇ ਹੋਏ ਅਧਿਕਾਰੀਆਂ ਅਤੇ ਕਾਨੂੰਨ ਘਾੜਿਆਂ ਨਾਲ ਉਨ੍ਹਾਂ ਦੇਸ਼ਾਂ ਵਿੱਚ ਸਵੈ-ਨਿਰਣੇ ਤੇ ਪ੍ਰਭੂਸੱਤਾ ਦੇ ਹੱਕਾਂ ਦੀ ਗੱਲ ਦੀ ਅਜ਼ਾਦੀ ਪ੍ਰਤੀ ਭਾਰਤ ਵੱਲੋਂ ਹੋ ਰਹੇ ਹਮਲਿਆਂ ਅਤੇ ਉਲੰਘਣਾਵਾਂ ਦਾ ਮੁਕਾਬਲਾ ਕਰਨ ਲਈ ਸਹਿਯੋਗ ਕਰਾਂਗੇ।"

ਵਰਲਡ ਸਿੱਖ ਪਾਰਲੀਮੈਂਟ ਯੂਕਰੇਨ, ਕਸ਼ਮੀਰ ਅਤੇ ਨਾਗਾਲੈਂਡ ਦੇ ਲੋਕਾਂ ਦੇ ਪ੍ਰਭੂਸੱਤਾ ਦੇ ਅਧਿਕਾਰਾਂ ਅਤੇ ਆਜ਼ਾਦੀ ਨੂੰ ਵੀ ਮਾਨਤਾ ਦਿੰਦੀ ਹੈ। ਵਰਲਡ ਸਿੱਖ ਪਾਰਲੀਮੈਂਟ ਦੇ ਇੱਕ ਮਤੇ ਵਿੱਚ ਭਾਰਤ ਵਿੱਚ ਲੰਮੇ ਸਮੇਂ ਤੋਂ ਜੇਲਾਂ ਵਿੱਚ ਬੰਦ ਰਾਜਸੀ ਸਿੱਖ ਕੈਦੀਆਂ ਦੀ ਰਿਹਾਈ ਦੀ ਮੰਗ ਕੀਤੀ ਗਈ, ਜਿਸ ਵਿੱਚ ਇਹ ਮੰਨਿਆ ਗਿਆ ਕਿ ਇਹ ਵਿਅਕਤੀ ਆਪਣੇ ਰਾਜਨੀਤਿਕ ਅਤੇ ਧਾਰਮਿਕ ਹੱਕਾਂ ਲਈ ਲੜਦੇ ਰਹੇ ਹਨ ਅਤੇ ਕਈਆਂ ਨੇ ਜੇਲ੍ਹਾਂ ਵਿੱਚ ਬੰਦ ਹੋ ਕੇ ਆਪਣੀਆਂ ਕੈਦਾਂ ਤੋਂ ਵੱਧ ਪੂਰੀਆਂ ਕਰ ਲਈਆਂ ਹਨ। 1984 ਤੋਂ ਬਾਅਦ ਸਿੱਖਾਂ ਦੀ ਨਸਲਕੁਸ਼ੀ ਲਈ ਜ਼ੁੰਮੇਵਾਰ ਲੋਕਾਂ ਨੂੰ ਜਵਾਬਦੇਹ ਬਣਾਉਣ ਲਈ ਅੰਤਰਰਾਸ਼ਟਰੀ ਅਪਰਾਧਿਕ ਟ੍ਰਿਬਿਊਨਲ ਦੀ ਸਥਾਪਨਾ ਕਰਨ ਦੀ ਵੀ ਗੱਲ ਕੀਤੀ ਗਈ ਹੈ।

ਵਰਲਡ ਸਿੱਖ ਪਾਰਲੀਮੈਂਟ ਦੁਨੀਆਂ ਭਰ ਦੇ ਸਿੱਖਾਂ ਦੇ ਯਤਨਾਂ ਦੀ ਪ੍ਰਸ਼ੰਸਾ ਕਰਦੀ ਹੈ ਜੋ ਸਵੈ-ਨਿਰਣੇ ਦੇ ਕੌਮੀ ਅਧਿਕਾਰ ਦੀ ਵਕਾਲਤ ਕਰਦੇ ਹਨ ਅਤੇ ਪੰਜਾਬ ਵਿੱਚ ਸਪੱਸ਼ਟ ਤੌਰ 'ਤੇ ਖਾਲਿਸਤਾਨ ਦੀ ਇੱਕ ਪ੍ਰਭੂਸੱਤਾ ਸੰਪੰਨ ਸੁਤੰਤਰ ਰਾਜ ਦੀ ਸਿਰਜਣਾ ਕਰਨ ਦੇ ਹਾਮੀ ਹਨ। 1986 ਅਤੇ ਫੇਰ 2015 ਦੇ ਸਰਬੱਤ ਖਾਲਸਾ ਇਕੱਠਾਂ ਦੁਆਰਾ ਖਾਲਿਸਤਾਨ ਦੀ ਪ੍ਰਾਪਤੀ ਲਈ ਗੁਰਮਤੇ ਕੀਤੇ ਗਏ ਸਨ ਅਤੇ ਅੰਤਰਰਾਸ਼ਟਰੀ ਕਾਨੂੰਨ ਅਧੀਨ ਹੁਣ ਸ਼ਾਂਤਮਈ ਢੰਗ ਰਾਹੀ ਭਾਰਤ-ਸਿੱਖ ਟਕਰਾਅ ਨੂੰ ਹੱਲ ਕਰਨ ਲਈ ਸ੍ਵੈ ਨਿਰਣੇ ਦਾ ਢੰਗ ਹੀ ਇੱਕੋ ਇੱਕ ਸਹੀ ਸਾਧਨ ਵਜੋਂ ਦੇਖਿਆ ਜਾ ਸਕਦਾ ਹੈ।

ਵਰਲਡ ਸਿੱਖ ਪਾਰਲੀਮੈਂਟ ਅੰਤਰਰਾਸ਼ਟਰੀ ਭਾਈਚਾਰੇ ਨੂੰ ਅਪੀਲ ਕਰਦੀ ਹੈ ਕਿ ਉਹ ਇਸ ਹਕੀਕਤ ਨੂੰ ਪਛਾਣਨ ਅਤੇ ਸਿੱਖਾਂ ਦੇ ਸਵੈ ਨਿਰਣੇ ਸਬੰਧੀ ਇਸ ਹੱਕੀ, ਕਾਨੂੰਨੀ ਅਤੇ ਅਤਿ ਲੋੜੀਂਦੇ ਯਤਨਾਂ ਦਾ ਸਮਰਥਨ ਕਰਨ। ਸਿੱਖ ਕੌਮ ਉਨ੍ਹਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦੀ ਹੈ ਜਿਨ੍ਹਾਂ ਨੇ ਇਸ ਉਦੇਸ਼ ਤੇ ਅਜ਼ਾਦ ਸਿੱਖ ਰਾਜ ਦੀ ਪ੍ਰਾਪਤੀ ਲਈ ਕੁਰਬਾਨੀਆਂ ਦਿੱਤੀਆਂ ਅਤੇ ਆਪਣੇ ਪ੍ਰਭੂਸੱਤਾ ਸੰਪੰਨ ਰਾਜ ਦੀ ਆਜ਼ਾਦੀ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਪ੍ਰਣ ਕੀਤਾ ਹੋਇਆ ਹੈ।

ਹੋਰ ਮਤਿਆਂ ਵਿੱਚ ਡਾਇਸਪੋਰਾ ਸਿੱਖਾਂ ਨੂੰ ਆਪਣੇ ਪਿੰਡਾਂ ਨੂੰ ਸੁਰੱਖਿਅਤ ਰੱਖਣ ਅਤੇ ਵਿਦਿਅਕ ਸੰਸਥਾਵਾਂ ਦੇ ਵਿਕਾਸ ਲਈ ਪ੍ਰੋਜੈਕਟਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਨਾ ਵੀ ਸ਼ਾਮਲ ਹੈ। ਇਸ ਤੋਂ ਇਲਾਵਾ, ਭੁੱਲੇ ਵਿਸਰੇ ਹੋਏ ਸਿਕਲੀਗਰ ਅਤੇ ਵਣਜਾਰਾ ਸਿੱਖ ਭਾਈਚਾਰਿਆਂ ਨੂੰ ਗਲਵੱਕੜੀ ਵਿਚ ਲੈ ਕੇ ਉਨ੍ਹਾਂ ਨੂੰ ਆਪਣੀਆਂ ਮਾਨਵਤਾਵਾਦੀ ਲੋੜਾਂ ਦੇ ਹੱਲ ਲੱਭਣ ਲਈ ਉਤਸ਼ਾਹ ਪੂਰਵਕ ਯਤਨ ਕਰਨ ਲਈ ਕਿਹਾ ਗਿਆ ਹੈ।

ਵਰਲਡ ਸਿੱਖ ਪਾਰਲੀਮੈਂਟ ਦੁਨੀਆ ਭਰ ਦੇ ਸਿੱਖਾਂ ਦੇ ਹੱਕਾਂ ਅਤੇ ਇੱਛਾਵਾਂ ਨੂੰ ਅੱਗੇ ਵਧਾਉਣ ਲਈ ਵਚਨਬੱਧ ਹੈ। ਵਰਲਡ ਸਿੱਖ ਪਾਰਲੀਮੈਂਟ ਦੁਆਰਾ ਕੀਤੇ ਗਏ ਕੰਮ ਤੇ ਭਵਿੱਖ ਦੀ ਵਿਉਤਬੰਦੀ ਲਈ ਪਾਸ ਕੀਤੇ ਗਏ ਇਹ ਮਤੇ ਕੌਮ ਲਈ ਨਿਆਂ ਪ੍ਰਾਪਤੀ, ਸਵੈ-ਨਿਰਣੇ ਦੇ ਹੱਕ ਲਈ ਸੰਘਰਸ਼ ਅਤੇ ਸਿੱਖ ਵਿਰਾਸਤ ਦੀ ਸੰਭਾਲ ਪ੍ਰਤੀ ਸਮਰਪਣ ਨੂੰ ਦਰਸਾਉਂਦੇ ਹਨ।

## ਭਾਰਤੀ ਹਵਾਈ ਸੈਨਾ ਦੇ ਸਾਬਕਾ ਸੈਨਿਕਾਂ ਵੱਲੋਂ ਰੇਜ਼ਿੰਗ ਡੇ



(ਬਰੈਪਟਨ /ਬਾਸੀ ਹਰਚੰਦ ) ਗੁਰਮੇਲ ਸਿੰਘ ਸੱਗੂ ਮੀਡੀਆ ਮੈਂਬਰ ਨੇ ਦੱਸਿਆ ਕਿ ਇੰਡੀਅਨ ਏਅਰਫੋਰਸ ਵੈਟਰਨ ਕਮਿਉਨਿਟੀ ਅਸੋਸੀਏਸ਼ਨ ਦਾ ਫੰਡ ਰੇਜ਼ਿੰਗ ਸਮਾਗਮ 13 ਅਕਤੂਬਰ ਸ਼ਾਮ 6-30 ਵਜੇ ਸਪਰੇਨਜਾ ਬੈਂਕੁਟ ਹਾਲ , 510 ਡੀਅਰ ਹਰਸ ਡਰਾਈਵ ਵਿੱਚ ਹੋਵੇਗਾ। ਹਵਾਈ ਸੈਨਾ ਦੇ ਵੈਟਰਨ ਪਰਿਵਾਰ ਸਮੇਤ ਸ਼ਾਮਲ ਹੋ ਸਕਦੇ ਹਨ।ਸ਼ਾਮਲ ਹੋਣ ਲਈ 40 ਡਾਲਰ ਟਿਕਟ ਇੱਕ ਮੈਂਬਰ ਲਈ ਹੈ। ਦਸ ਸਾਲ ਦੀ ਉਮਰ ਤੋਂ ਘੱਟ ਉਮਰ ਦੇ ਬੱਚਿਆਂ ਲਈ ਕੋਈ ਟਿਕਟ ਨਹੀਂ ਹੈ। ਮਨੋਰੰਜਨ ਲਈ ਡੀ ਜੇ,ਸਿੰਗਰਜ਼, ਗੌਣ ਪਾਣੀ ਅਤੇ ਭੋਜਨ ਦਾ ਪਰਬੰਧ ਹੈ। ਇਸ ਪ੍ਰੋਗਰਾਮ ਵਿੱਚ ਸੀਨੀਅਰ ਵੈਟਰਨ ਹੀ ਸ਼ਾਮਲ ਹੋ ਸਕਦੇ ਹਨ। ਭਾਰਤ ਤੋਂ ਸੀਨੀਅਰਜ਼ ਵੈਟਰਨ ਸਾਬਕਾ ਚੀਫ ਆਫ ਸਟਾਫ ਏਅਰ ਚੀਫ ਮਾਰਸ਼ਲ ਬਰਿੰਦਰ ਸਿੰਘ ਧਨੋਆ ਨੂੰ ਵੀ ਅਸੋਸੀਏਸ਼ਨ ਕਮੇਟੀ ਦੇ ਪੈਟਰਨ ਏਅਰ ਵਾਈਸ ਮਾਰਸ਼ਲ ਪਰਮਜੀਤ ਸਿੰਘ ਮਾਨ ਵੱਲੋਂ ਸਤਿਕਾਰ ਸਾਹਿਤ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਪੱਤਰ ਭੇਜਿਆ ਗਿਆ ਹੈ। ਹੋਰ ਜਾਣਕਾਰੀ ਲਈ ਫੋਨ ਨੰਬਰ ਹਰਜੀਤ ਸਿੰਘ ਸਕੱਤਰ647-534-8131 ਯਸ਼ ਦੱਤਾ ਵਾਈਸ ਪਰਧਾਨ 905-457-1617 ਸੂਬਾ ਸਿੰਘ 416-666-4959


Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com






98 JOHN ST E
Bradford West Gwillimbury, Ontario L3Z1G4


A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5





A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8




**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0




Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8




Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
* All Kinds of Body Work
* Auto Glass Windshield
* Denting, Painting & Welding

SPECIAL PAINT JOB $779



RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING
CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਫ਼ਲਾਵਰ ਸਿਟੀ ਸੀਨੀਅਰਜ਼ ਕਲੱਬ ਨੇ ਮੈਂਬਰਾਂ ਨੇ ਨਿਆਗਰਾ ਫ਼ਾਲਜ਼ ਅਤੇ ਬੋਟੈਨੀਕਲ ਗਾਰਡਨ ਵਿਖੇ ਕੀਤਾ 'ਮੌਜ ਮੇਲਾ'





ਬਰੈਂਪਟਨ, (ਡਾ. ਝੰਡ) –ਸਿਟੀ ਫ਼ਲਾਵਰ ਸੀਨੀਅਰਜ਼ ਕਲੱਬ ਵੱਲੋਂ ਆਪਣੇ ਮੈਂਬਰਾਂ ਦੇ ਰੋਜ਼ਾਨਾ ਜੀਵਨ ਦੇ ਦਿਮਾਗ਼ੀ ਬੋਝ ਨੂੰ ਘਟਾਉਣ ਲਈ ਨਿਆਗਰਾ ਫ਼ਾਲਜ਼ ਦੇ ਬੌਟੈਨੀਕਲ ਗਾਰਡਨ ਵਿਚ ਦਿਲਚਸਪ ਪਿਕਨਿਕ ਦਾ ਆਯੋਜਨ ਕੀਤਾ ਗਿਆ। ਸੀਨੀਅਰਾਂ ਦੀ ਮੈਂਟਲ-ਹੈੱਲਥ ਨੂੰ ਮੁੱਖ ਰੱਖਦਿਆਂ ਹੋਇਆਂ ਇਸ ਦੇ ਪ੍ਰਬੰਧਕਾਂ ਵੱਲੋਂ ਨਿਆਗਰਾ ਫ਼ਾਲਜ਼ ਵਿਖੇ ਜਾ ਕੇ ਇਸ ਦੇ ਕੁਦਰਤੀ ਨਜ਼ਾਰਿਆਂ ਨੂੰ ਮਾਨਣ ਅਤੇ ਫਿਰ ਨੇੜਲੇ ਬੌਟੈਨੀਕਲ ਗਾਰਡਨ ਵਿਚ ਇਕੱਠੇ ਹੋ ਕੇ ਇਕ ਦੂਸਰੇ ਨਾਲ ਵਿਚਾਰਾਂ ਦੀ ਸਾਂਝ ਪਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ। ਉਪਰੰਤ, ਇਹ ਗਰੁੱਪ ਵੈੱਲਲੈਂਡ ਕੈਨਾਲ ਵੇਖਣ ਵੀ ਗਿਆ ਅਤੇ ਉਸ ਨੇ ਉੱਥੋਂ ਦੇ ਕੁਦਰਤੀ ਨਜ਼ਾਰਿਆਂ ਨੂੰ ਵੀ ਖ਼ੂਬ ਮਾਣਿਆਂ।

ਰੋਜ਼ਮਰਾ ਦੇ ਝਮੇਲਿਆਂ ਨੂੰ ਪਰੇ ਕਰਕੇ ਵੱਖ-ਵੱਖ ਪਿਛੋਕੜ ਦੇ ਬਜ਼ੁਰਗ ਮਰਦ ਤੇ ਔਰਤਾਂ ਕਲੱਬ ਦੀ ਇਸ ਪਿਕਨਿਕ ਵਿਚ ਸ਼ਾਮਲ ਹੋਏ। ਨਿਰਧਾਰਿਤ ਪ੍ਰੋਗਰਾਮ ਅਨੁਸਾਰ ਸਾਰੇ ਮੈਂਬਰ ਪਹਿਲਾਂ ਨਿਆਗਰਾ ਫ਼ਾਲਜ਼ ਦੇ ਕੁਦਰਤੀ ਨਜ਼ਾਰਿਆਂ ਨੂੰ ਤੱਕਣ ਤੋਂ ਬਾਅਦ ਇਸ ਦੇ ਨੇੜਲੇ ਬੌਟੈਨੀਕਲ ਗਾਰਡਨ ਵਿਚ ਪਹੁੰਚੇ। ਖ਼ੂਬਸੂਰਤ ਬਾਗ਼ ਦੇ ਫੁੱਲਾਂ ਦੇ ਵੱਖ-ਵੱਖ ਰੰਗਾਂ ਤੇ ਖ਼ੁਸ਼ਬੋਆਂ ਨੂੰ ਮਾਣਦਿਆਂ ਹੋਇਆਂ ਉਹ ਆਪਸੀ ਗੱਲਾਂ-ਬਾਤਾਂ ਵਿਚ ਰੁੱਝ ਗਏ। ਆਪੋ-ਆਪਣੇ ਜੀਵਨ ਦੇ ਤਜਰਬੇ ਸਾਂਝੇ ਕੀਤੇ, ਦੁਨਿਆਵੀ ਤੇ ਰਾਜਨੀਤੀ ਸਬੰਧੀ ਗੱਲਾਂ ਹੋਈਆਂ ਅਤੇ ਸਮਾਜਿਕ ਇਕੱਤਰਤਾਵਾਂ ਦੀ ਅਹਿਮੀਅਤ ਬਾਰੇ ਵਿਚਾਰ-ਵਟਾਂਦਰਾ ਹੋਇਆ। ਯੋਗਾ ਦੀ ਇਨਸਟਰੱਕਟਰ ਅਨੁਜਾ ਨੇ ਮੈਂਬਰਾਂ ਨੂੰ ਯੋਗਾ ਦੀਆਂ ਕੁਝ ਆਈਟਮਾਂ ਕਰਵਾਈਆਂ। ਇਸ ਦੇ ਨਾਲ ਹੀ ਖਾਣ-ਪੀਣ ਦਾ ਸਿਲਸਿਲਾ ਆਰੰਭ ਹੋ ਗਿਆ। ਘਰਾਂ ਤੋਂ ਆਪਣੇ ਨਾਲ ਲਿਆਂਦੇ ਹੋਏ ਸੁਆਦਲੇ ਭੋਜਨ ਪਦਾਰਥ ਇਕ ਦੂਸਰੇ ਨਾਲ ਸਾਂਝੇ ਕਰਦਿਆਂ ਹੋਇਆਂ ਛਕੇ ਗਏ। ਇਸ ਤੋਂ ਬਾਅਦ ਗੀਤ ਗਾਉਣ ਅਤੇ ਗਿੱਧੇ ਤੇ ਭੰਗੜੇ ਦਾ ਦੌਰ ਸ਼ੁਰੂ ਹੋ ਗਿਆ ਜੋ ਕਾਫ਼ੀ ਦੇਰ ਤੱਕ ਚੱਲਦਾ ਰਿਹਾ।

ਇਸ ਦੌਰਾਨ ਕਲੱਬ ਦੀ ਵਾਈਸ-ਪ੍ਰੈਜ਼ੀਡੈਂਟ ਅਨੁਜਾ ਕਾਬਲੀ ਨੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਿਹਾ,"ਇਸ ਤਰ੍ਹਾਂ ਦੇ ਸਾਂਝੇ ਤੌਰ 'ਤੇ ਬਿਤਾਇਆ ਗਿਆ ਸਮਾਂ ਸਾਡੀਆਂ ਦੋਸਤੀਆਂ ਅਤੇ ਆਪਸੀ ਸਾਂਝਾਂ ਨੂੰ ਹੋਰ ਪੱਕਿਆਂ ਕਰਦਾ ਹੈ। ਅਸੀਂ ਆਪਣੇ ਮੈਂਬਰਾਂ ਦੀ ਖ਼ੁਸ਼ੀ ਅਤੇ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ। ਕਲੱਬ ਦੀ ਸਪੋਕਸਪਰਸਨ ਜਸਵਿੰਦਰ ਕੌਰ ਨੇ ਸਾਰੇ ਮੈਂਬਰਾਂ ਤੇ ਸਪਾਂਸਰਾਂ ਦਾ ਧੰਨਵਾਦ ਕਰਦਿਆਂ ਕਿਹਾ,"ਸਾਡਾ ਅੱਜ ਦਾ ਇਹ ਈਵੈਂਟ ਸਾਡੀ ਕਮਿਊਨਿਟੀ ਦੀ ਮਜ਼ਬੂਤੀ ਦਾ ਪ੍ਰਤੀਕ ਹੈ। ਅਸੀਂ ਆਪਣੇ ਮੈਂਰਾਂ ਦੇ ਧਨੰਵਾਦੀ ਹਾਂ ਜਿਨ੍ਹਾਂ ਦੇ ਸਹਿਯੋਗ ਨਾਲ ਇਹ ਈਵੈਂਟ ਸਫਲ ਹੋਇਆ ਹੈ।

ਫ਼ਲਾਵਰ ਸਿਟੀ ਸੀਨੀਅਰਜ਼ ਕਲੱਬ ਦਾ ਨਿਆਗਰਾ ਫ਼ਾਲਜ਼ ਬੌਟੈਨੀਕਲ ਗਾਰਡਨ ਵਿਚ ਕੀਤਾ ਗਿਆ ਇਸ ਸਮਾਗਮ ਨੇ ਕੇਵਲ ਮੈਂਬਰਾਂ ਦੇ ਅੰਦਰ ਇਕ ਨਵੀਂ ਰੂਹ ਫੂਕਣ ਦਾ ਕੰਮ ਹੀ ਕੀਤਾ, ਬਲਕਿ ਕਲੱਬ ਦੀਆਂ ਆਪਸੀ ਤੰਦਾਂ ਨੂੰ ਹੋਰ ਮਜ਼ਬੂਤੀ ਦਿੱਤੀ। ਬਦਲਦੀ ਰੁੱਤ ਨਾਲ ਰੁੱਖਾਂ ਦੇ ਸੁਨਹਿਰੀ ਅਤੇ ਲਾਲ ਹੋ ਰਹੇ ਪੱਤੇ ਇਸ ਨੂੰ ਹੋਰ ਵੀ ਖ਼ੂਬਸੂਰਤੀ ਬਖ਼ਸ਼ ਰਹੇ ਸਨ। ਇਸ ਤਰ੍ਹਾਂ ਕਲੱਬ ਦੇ ਮੈਂਬਰਾਂ ਲਈ ਨਿਆਗਰਾ ਫ਼ਾਲਜ਼ ਦਾ ਇਹ ਟੂਰ ਯਾਦਗਾਰੀ ਹੋ ਨਿਬੜਿਆ। 200 ਦੇ ਕਰੀਬ ਸੀਨੀਅਰ ਮੈਂਬਰਾਂ ਦੀ ਇਹ ਕਲੱਬ ਸਾਰਿਆਂ ਨੂੰ ਭਰਾਤਰੀ ਭਾਵ, ਪ੍ਰੇਮ-ਪਿਆਰ, ਏਕਤਾ ਅਤੇ ਸ਼ਾਂਤੀ ਦਾ ਸੁਨੇਹਾ ਦਿੰਦੀ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਪਰਵਾਸੀ ਪੰਜਾਬੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਜਨਰਲ-ਬਾਡੀ ਮੀਟਿੰਗ ਹੋਈ

*** ਵੱਖ-ਵੱਖ ਬੁਲਾਰਿਆਂ ਨੇ ਪੈਨਸ਼ਨਰਾਂ ਤੇ ਸੀਨੀਅਰਾਂ ਦੀਆਂ ਸਥਾਨਕ, ਪ੍ਰੋਵਿੰਸ਼ੀਅਲ, ਫ਼ੈਡਰਲ ਅਤੇ ਪੰਜਾਬ ਪੱਧਰ ਦੀਆਂ ਮੰਗਾਂ ਬਾਰੇ ਜਾਣਕਾਰੀ ਦਿੱਤੀ * ਭਾਰਤ ਵਿਚ ਐਨ.ਆਰ.ਓ.ਬੈਂਕ ਖ਼ਾਤਾ ਖੋਲ੍ਹਣ ਤੇ ਮੈਂਟਲ ਹੈਲਥ ਬਾਰੇ ਵੀ ਗੱਲ ਹੋਈ**









ਬਰੈਂਪਟਨ, (ਡਾ. ਝੰਡ) – ਲੰਘੇ ਐਤਵਾਰ 8 ਅਕਤੂਬਰ ਨੂੰ ਕੈਨੇਡੀ ਰੋਡ ਸਥਿਤ 'ਵਿਲੇਜ ਆਫ਼ ਇੰਡੀਆ' ਦੇ ਪਿਛਵਾੜੇ ਬਣਾਏ ਗਏ 'ਵਿਸ਼ਵ ਪੰਜਾਬੀ ਭਵਨ' ਵਿਚ ਸਵੇਰੇ 10.30 ਵਜੇ ਤੋਂ ਬਾਅਦ ਦੁਪਹਿਰ 1.30 ਵਜੇ ਤੱਕ ਚੱਲੀ ਪਰਵਾਸੀ ਪੰਜਾਬੀ ਪੈੱਨਸ਼ਨਰਜ਼ ਐਸੋਸੀਏਸ਼ਨ ਦੀ ਜਨਰਲ ਬਾਡੀ ਮੀਟਿੰਗ ਵਿਚ ਪੰਜਾਬ ਸਰਕਾਰ ਦੇ ਪੈਨਸ਼ਨਰਾਂ ਅਤੇ ਸੀਨੀਅਰਜ਼ ਦੀਆਂ ਮੰਗਾਂ ਬਾਰੇ ਖੁੱਲ੍ਹਾ ਵਿਚਾਰ-ਵਟਾਂਦਰਾ ਹੋਇਆ। ਇਸ ਦੇ ਨਾਲ ਹੀ ਐੱਨ.ਆਰ.ਆਈਜ਼ ਵੱਲੋਂ ਭਾਰਤ ਦੇ ਬੈਂਕਾਂ ਵਿਚ ਐੱਨ.ਆਰ.ਓ. ਖ਼ਾਤਾ ਖੋਲ੍ਹਣ ਅਤੇ ਉੱਥੋਂ ਪੈਸੇ ਲਿਆਉਣ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਸੀਨੀਅਰਜ਼ ਦੀ ਮੈਂਟਲ ਹੈੱਲਥ ਅਤੇ ਹੋਰ ਮਸਲਿਆਂ ਬਾਰੇ ਵੀ ਗੱਲਬਾਤ ਹੋਈ। ਇਸ ਮੌਕੇ ਪ੍ਰਧਾਨਗੀ-ਮੰਡਲ ਵਿਚ ਐਸੋਸੀਏਸ਼ਨ ਦੇ ਪ੍ਰਧਾਨ ਇੰਜੀ. ਬਲਦੇਵ ਸਿੰਘ ਬਰਾੜ, ਚੇਅਰਮੈਨ ਪਰਮਜੀਤ ਸਿੰਘ ਢਿੱਲੋਂ, ਉਪ-ਪ੍ਰਧਾਨ ਮੋਹਿੰਦਰ ਸਿੰਘ ਮੋਹੀ, ਜਨਰਲ ਸਕੱਤਰ ਪ੍ਰੋ. ਜਗੀਰ ਸਿੰਘ ਕਾਹਲੋਂ ਅਤੇ ਸਕੱਤਰ ਪ੍ਰਿਤਪਾਲ ਸਿੰਘ ਸਚਦੇਵਾ, ਅੰਮ੍ਰਿਤਪਾਲ ਸਿੰਘ ਸ਼ਾਮਲ ਸਨ।

ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਬਰਾੜ ਵੱਲੋਂ ਆਏ ਮੈਂਬਰਾਂ ਨੂੰ ਰਸਮੀ 'ਜੀ-ਆਇਆਂ' ਕਹਿਣ ਤੋਂ ਬਾਅਦ ਮੀਟਿੰਗ ਦੀ ਕਾਰਵਾਈ ਆਰੰਭ ਕਰਦਿਆਂ ਮੰਚ-ਸੰਚਾਲਕ ਪ੍ਰੋ. ਜਗੀਰ ਸਿੰਘ ਕਾਹਲੋਂ ਨੇ ਐਸੋਸੀਏਸ਼ਨ ਦੀ ਪਿਛਲੇ ਸਾਲਾਂ ਦੀ ਕਾਰਗੁਜ਼ਾਰੀ ਦੀ ਰਿਪੋਰਟ ਪੇਸ਼ ਕਰਦਿਆਂ ਦੱਸਿਆ ਕਿ ਕਰੋਨਾ ਕਾਲ਼ ਦੌਰਾਨ ਐਸੋਸੀਏਸ਼ਨ ਦੀਆਂ ਜ਼ੂਮ ਮਾਧਿਅਮ ਉੱਪਰ ਬਾਕਾਇਦਾ ਸਮੇਂ-ਸਮੇਂ ਮੀਟਿੰਗਾਂ ਹੁੰਦੀਆਂ ਰਹੀਆਂ ਅਤੇ ਉਸ ਤੋਂ ਬਾਅਦ ਹਾਲਾਤ ਨਾਰਮਲ ਹੋਣ ਪਿੱਛੋਂ ਐਸੋਸੀਏਸ਼ਨ ਦੀ ਇਹ ਦੂਸਰੀ ਜਨਰਲ ਮੀਟਿੰਗ ਹੈ। ਪਹਿਲੀ ਮੀਟਿੰਗ ਸਤੰਬਰ 2022 ਵਿਚ ਕੀਤੀ ਗਈ ਸੀ। ਮੀਟਿੰਗ ਦੇ ਆਰੰਭ ਵਿਚ ਪਿਛਲੇ ਸਾਲ ਤੋਂ ਹੁਣ ਤੱਕ ਵਿੱਛੜੇ ਸਾਥੀਆਂ ਨੂੰ ਦੋ ਮਿੰਟ ਮੋਨ ਰੱਖ ਕੇ ਸਰਧਾਂਜਲੀ ਭੇਂਟ ਕੀਤੀ ਗਈ। ਇੱਥੇ ਇਹ ਵਰਨਣਯੋਗ ਹੈ ਕਿ ਇਸ ਪੈੱਨਸ਼ਨਰਜ਼ ਐਸੋਸੀਏਸ਼ਨ ਦੇ ਸਾਰੇ ਮੈਂਬਰ ਸੀਨੀਅਰ ਸਿਟੀਜ਼ਨ ਹਨ। ਉਹ ਕਨੇਡਾ ਦੇ ਨਾਗਰਿਕ ਜਾਂ ਪੀ.ਆਰ. ਹਨ ਅਤੇ ਭਾਰਤ ਦੇਸ਼ ਦੇ ਐੱਨ.ਆਰ.ਆਈਜ਼ ਵੀ ਹਨ। ਕਾਰਜਕਾਰਨੀ ਦੀ ਪਿਛਲੀ ਮੀਟਿੰਗ ਵਿਚ ਵਿਚਾਰ-ਵਟਾਂਦਰੇ ਤੋਂ ਬਾਅਦ ਉਨ੍ਹਾਂ ਦੀਆਂ ਸਮੂਹ ਮੰਗਾਂ ਨੂੰ ਵੱਖ-ਵੱਖ ਕੈਟਾਗਰੀਆਂ ਵਿਚ ਵੰਡ ਕੇ ਕਨੇਡਾ ਦੀ ਫ਼ੈੱਡਰਲ ਸਰਕਾਰ ਨੂੰ ਔਟਵਾ, ਪ੍ਰੋਵਿੰਸ਼ੀਅਲ ਸਰਕਾਰ ਨੂੰ ਟੋਰਾਂਟੋ ਅਤੇ ਸਥਾਨਕ ਸਰਕਾਰ ਨੂੰ ਬਰੈਂਪਟਨ ਦੇ ਸਿਟੀ ਹਾਲ ਵਿਚ ਭੇਜਿਆ ਗਿਆ ਹੈ। ਪੰਜਾਬ ਸਰਕਾਰ ਨਾਲ ਸਬੰਧਿਤ ਮੰਗਾਂ ਮੁੱਖ-ਮੰਤਰੀ, ਵਿੱਤ-ਮੰਤਰੀ, ਆਦਿ ਨੂੰ ਚੰਡੀਗੜ੍ਹ ਭੇਜੀਆਂ ਗਈਆਂ ਹਨ। ਜਨਰਲ ਸਕੱਤਰ ਦੀ ਰਿਪੋਰਟ ਅਤੇ ਸਟੇਟਮੈਂਟ ਆਫ਼ ਅਕਾਊਂਟਸ ਹਾਊਸ ਵੱਲੋਂ ਸਰਬਸੰਮਤੀ ਨਾਲ ਪਾਸ ਕਰ ਦਿੱਤੀਆਂ ਗਈਆਂ।

ਉਪਰੰਤ, ਐਸੋਸੀਏਸ਼ਨ ਦੇ ਸਕੱਤਰ ਪ੍ਰਿਤਪਾਲ ਸਿੰਘ ਸਚਦੇਵਾ ਨੂੰ ਪੰਜਾਬ ਸਰਕਾਰ ਨਾਲ ਸਬੰਧਿਤ ਮੰਗਾਂ ਬਾਰੇ ਬੋਲਣ ਲਈ ਬੇਨਤੀ ਕੀਤੀ ਗਈ ਜਿਨ੍ਹਾਂ ਨੇ ਪੰਜਾਬ ਸਰਕਾਰ ਤੋਂ ਪਿਛਲੇ ਲੰਮੇਂ ਸਮੇਂ ਤੋਂ ਪੈਂਡਿੰਗ ਡੀ.ਏ. ਅਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਦਿੱਤੇ ਗਏ ਅਦੇਸ਼ਾਂ ਅਨੁਸਾਰ ਵਧੀ ਹੋਈ ਪੈੱਨਸ਼ਨ ਦੇ ਏਰੀਅਰ ਦੇਣ ਦੀ ਮੰਗ ਕੀਤੀ। ਏਸੇ ਤਰ੍ਹਾਂ ਸਥਾਨਕ ਸਿਟੀ ਪੱਧਰ ਦੀਆਂ ਮੰਗਾਂ ਉਠਾਉਂਦਿਆਂ ਹੋਇਆਂ ਐਸੋਸੀਏਸ਼ਨ ਦੇ ਚੇਅਰਪਰਸਨ ਪਰਮਜੀਤ ਸਿੰਘ ਢਿੱਲੋਂ ਨੇ ਸੀਨੀਅਰਾਂ ਲਈ 'ਸੈੱਲਫ ਓਨਡ ਸਬਸਿਡਾਈਜ਼ਡ ਹੋਮਜ਼' ਬਨਾਉਣ, ਹੋਰ ਓਲਡ ਏਜ ਹੋਮ ਤਿਆਰ ਕਰਨ ਦੀ ਮੰਗ ਕੀਤੀ। ਉਨ੍ਹਾਂ ਸੀਨੀਅਰਾਂ ਲਈ ਪ੍ਰਾਪਰਟੀ ਟੈਕਸ 1000 ਡਾਲਰ ਤੋਂ ਘਟਾ ਕੇ 500 ਡਾਲਰ ਕਰਨ ਦੀ ਵੀ ਮੰਗ ਕੀਤੀ।

ਪ੍ਰੋਵਿੰਸ਼ੀਅਲ ਪੱਧਰ ਦੀਆਂ ਮੰਗਾਂ ਬਾਰੇ ਮੰਚ-ਸੰਚਾਲਕ ਕਾਹਲੋਂ ਵੱਲੋਂ ਅੰਮ੍ਰਿਤਪਾਲ ਸਿੰਘ ਨੂੰ ਬੋਲਣ ਲਈ ਬੇਨਤੀ ਕੀਤੀ ਗਈ। ਉਨ੍ਹਾਂ ਵੱਲੋਂ ਆਪਣੇ ਸੰਬੋਧਨ ਵਿਚ ਸੀਨੀਅਰਜ਼ ਲਈ ਇੱਕ ਬੈੱਡ-ਰੂਮ ਵਾਲੇ ਅਪਾਰਟਮੈਂਟ ਬਨਾਉਣ, ਉਨ੍ਹਾਂ ਲਈ ਆਟੋ ਇਨਸ਼ੋਅਰੈਂਸ ਘੱਟ ਕਰਨ ਅਤੇ ਸੱਤ ਲੱਖ ਦੀ ਆਬਾਦੀ ਵਾਲੇ ਸ਼ਹਿਰ ਬਰੈਂਪਟਨ ਜਿੱਥੇ ਕੇਵਕ ਇੱਕ ਹੀ ਹਸਪਤਾਲ ਹੀ ਕੰਮ ਕਰ ਰਿਹਾ ਹੈ, ਵਿਚ ਜਲਦੀ ਤੋਂ ਜਲਦੀ ਹੋਰ ਹਸਪਤਾਲ ਬਨਾਉਣ ਦੀ ਮੰਗ ਜ਼ੋਰਦਾਰ ਤਰੀਕੇ ਨਾਲ ਉਠਾਈ। ਉਨ੍ਹਾਂ ਸੂਬਾ ਸਰਕਾਰ ਤੋਂ ਸੰਪੂਰਨ ਡੈਂਟਲ ਕੇਅਰ ਤੇ ਕੰਪਲੀਟ ਸਰਜਰੀ ਦੀ ਵੀ ਮੰਗ ਕੀਤੀ ਅਤੇ ਲੋੜਵੰਦਾਂ ਨੂੰ ਫਿਜ਼ੀਓਥੈਰੇਪੀ ਅਤੇ ਕਾਇਰੋਪ੍ਰੈਕਟਰ, ਆਦਿ ਦੀਆਂ ਹੋਰ ਸਹੂਲਤਾਂ ਪ੍ਰਦਾਨ ਕਰਨ ਲਈ ਵੀ ਸਰਕਾਰ ਨੂੰ ਕਿਹਾ।

ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਬਰਾੜ ਨੇ ਫ਼ੈੱਡਰਲ ਲੈਵਲ ਦੀਆਂ ਮੰਗਾਂ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਓ.ਏ.ਐੱਸ. ਅਤੇ ਜੀ.ਆਈ ਐੱਸ. ਦੀਆਂ ਦਰਾਂ ਬਹੁਤ ਪੁਰਾਣੀਆਂ ਹਨ ਅਤੇ ਇਹ ਅੱਜ ਦੇ ਹਾਲਾਤ ਮੁਤਾਬਿਕ ਅਨੁਕੂਲ (ਕੰਪੈਟੀਬਲ) ਨਹੀਂ ਹਨ। ਉਨ੍ਹਾਂ ਕਿਹਾ ਕਿ ਇਹ ਹੁਣ ਕਨੇਡਾ ਵਿਚ 10 ਸਾਲ ਰਹਿਣ ਵਾਲਿਆਂ ਲਈ 10/40 ਅਤੇ 40 ਸਾਲ ਵਾਲਿਆਂ ਲਈ ਪੂਰੀ ਹੈ, ਜਦਕਿ ਓ.ਐ.ਐੱਸ. ਦੀ ਇਹ ਸਹੂਲਤ ਸਾਲਾਂ ਦੇ ਪੈਮਾਨੇ ਨਾਲ ਨਹੀਂ, ਸਗੋਂ ਸਾਰਿਆਂ ਦੇ ਲਈ 'ਫੁੱਲ' ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਚੰਗੀ ਗੱਲ ਹੈ ਕਿ 75 ਸਾਲ ਤੋਂ ਉੱਪਰਲੇ ਸੀਨੀਅਰਾਂ ਦੀ ਓਲਡ ਏਜ ਸਕਿਉਰਿਟੀ ਵਿਚ 15% ਦਾ ਵਾਧਾ ਕੀਤਾ ਗਿਆ ਅਤੇ ਇਹ ਹੋਰ ਵੀ ਚੰਗਾ ਹੋਵੇ ਜੇਕਰ 85 ਸਾਲ ਤੋਂ ਵੱਧ ਉਮਰ ਵਾਲੇ ਸੀਨੀਅਰਜ਼ ਲਈ ਇਸ ਵਿਚ ਹੋਰ 15% ਵਾਧਾ ਕੀਤਾ ਜਾਵੇ।

ਇਸ ਦੌਰਾਨ ਸਟੇਟ ਬੈਂਕ ਆਫ਼ ਇੰਡੀਆ ਦੇ ਸੇਵਾ-ਮੁਕਤ ਅਧਿਕਾਰੀ ਸੁਰਿੰਦਰ ਸਿੰਘ ਨੇ ਐੱਨ.ਆਰ.ਆਈਜ਼ ਨੂੰ ਭਾਰਤ ਵਿਚ ਆਪਣੇ ਸੇਵਿੰਗ ਬੈਂਕ ਖ਼ਾਤੇ ਐੱਨ.ਆਰ.ਓ. ਵਿਚ ਬਦਲਾਉਣ ਅਤੇ ਭਾਰਤ ਤੋਂ ਆਪਣਾ ਪੈਸਾ ਇੱਥੇ ਲਿਆਉਣ ਬਾਰੇ ਵੱਡਮੁੱਲੀ ਤਕਨੀਕੀ ਜਾਣਕਾਰੀ ਪ੍ਰਦਾਨ ਕੀਤੀ ਗਈ। ਸਕੂਲ-ਟਰੱਸਟੀ ਸੱਤਪਾਲ ਸਿੰਘ ਜੌਹਲ ਵੱਲੋਂ ਸਕੂਲਾਂ ਵਿਚ ਵਿਦਿਆਰਥੀਆਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਉਨ੍ਹਾਂ ਦੇ ਯੋਗ ਹੱਲ ਬਾਰੇ ਵਿਚਾਰ ਪੇਸ਼ ਕੀਤੇ ਗਏ। ਐਸੋਸੀਏਸ਼ਨ ਦੇ ਉਪ-ਪ੍ਰਧਾਨ ਮੁਹਿੰਦਰ ਸਿੰਘ ਮੋਹੀ ਵੱਲੋਂ ਸੀਨੀਅਰਾਂ ਲਈ ਮੈਂਟਲ ਹੈੱਲਥ ਬਾਰੇ ਜਾਣਕਾਰੀ ਦਿੱਤੀ ਗਈ। ਡਾ. ਸੁਖਦੇਵ ਸਿੰਘ ਝੰਡ ਵੱਲੋਂ ਐਸੋਸੀਏਸ਼ਨ ਦੀ ਇਸ ਜਨਰਲ ਬਾਡੀ ਮੀਟਿੰਗ ਵਿਚ ਹੋਰ ਵੀ ਕਈ ਕਿਸਮ ਦੀਆਂ ਜਾਣਕਾਰੀਆਂ ਮੁਹੱਈਆ ਲਈ ਐਸੋਸੀਏਸ਼ਨ ਦੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਗਿਆ ਜਿਨ੍ਹਾਂ ਨੇ ਇਹ ਸਾਰਾ ਪ੍ਰੋਗਰਾਮ ਬੜੀ ਸੂਝ ਅਤੇ ਸਿਆਣਪ ਨਾਲ ਉਲੀਕਿਆ। ਉਨ੍ਹਾਂ ਕਿਹਾ ਕਿ ਜਨਰਲ ਬਾਡੀ ਦੀ ਇਹ ਮੀਟਿੰਗ ਇਕ ਤਰ੍ਹਾਂ ਵਧੀਆ ਸੈਮੀਨਾਰ ਦਾ ਰੂਪ ਧਾਰਨ ਕਰ ਗਈ ਹੈ। ਐਸੋਸੀਏਸ਼ਨ ਆਫ਼ ਸੀਨੀਅਰਜ਼

ਕਲੱਬਜ਼ ਆਫ਼ ਬਰੈਂਪਟਨ ਦੇ ਪ੍ਰਧਾਨ ਜੰਗੀਰ ਸਿੰਘ ਸੈਂਹਬੀ ਵੱਲੋਂ ਇਸ ਐਸੋਸੀਏਸ਼ਨ ਵੱਲੋਂ ਵੱਖ-ਵੱਖ ਪੱਧਰ 'ਤੇ ਸੀਨੀਅਰਜ਼ ਦੀਆਂ ਮੰਗਾਂ ਉਠਾਉਣ ਲਈ ਧੰਨਵਾਦ ਕੀਤਾ ਗਿਆ। ਐਸੋਸੀਏਸ਼ਨ ਦੇ ਵਿੱਤ ਸਕੱਤਰ ਹਰੀ ਸਿੰਘ ਵੱਲੋਂ ਵਿਸਥਾਰ ਪੂਰਵਕ ਵਿੱਤੀ ਰੀਪੋਰਟ ਪੇਸ਼ ਕੀਤੀ ਗਈ ਜਿਸ ਨੂੰ ਮੈਂਬਰਾਂ ਵੱਲੋਂ ਹੱਥ ਖੜੇ ਕਰਕੇ ਸਰਬ-ਸੰਮਤੀ ਨਾਲ ਪਾਸ ਕਰ ਦਿੱਤਾ ਗਿਆ।

ਮੀਟਿੰਗ ਦੇ ਅਖ਼ੀਰ ਵੱਲ ਵੱਧਦਿਆਂ ਮੰਚ-ਸੰਚਾਲਕ ਪ੍ਰੋ. ਜਗੀਰ ਸਿੰਘ ਕਾਹਲੋਂ ਵੱਲੋਂ ਭਾਰਤ ਅਤੇ ਕਨੇਡਾ ਵਿਚਕਾਰ ਚੱਲ ਰਹੇ ਦੋਪਾਸੜ ਕੂਟਨੀਤਕ ਸਬੰਧਾਂ ਦੇ ਅਜੋਕੇ ਵਿਗਾੜ 'ਤੇ ਗੰਭੀਰ ਚਿੰਤਾ ਪ੍ਰਗਟਾਉਂਦਾ ਹੋਇਆ ਮਤਾ ਪੇਸ਼ ਕੀਤਾ ਗਿਆ। ਮਤੇ ਵਿਚ ਮੰਗ ਕੀਤੀ ਗਈ ਕਿ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਇਹ ਕੁੜੱਤਣ ਦੂਰ ਕਰਕੇ ਆਪਸੀ ਸਬੰਧ ਸੁਖਾਵੇਂ ਬਨਾਉਣ ਤਾਂ ਜੋ ਦੋਹਾਂ ਦੇਸ਼ਾਂ ਦੇ ਆਮ ਨਾਗਰਿਕਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮਤੇ ਨੂੰ ਹਾਜ਼ਰ ਮੈਂਬਰਾਂ ਵੱਲੋਂ ਦੋਵੇਂ ਹੱਥ ਖੜੇ ਕਰਕੇ ਸਰਬ-ਸੰਮਤੀ ਨਾਲ ਪਾਸ ਕੀਤਾ ਗਿਆ। ਆਏ ਹੋਏ ਸਮੂਹ ਮੈਂਬਰਾਂ ਦਾ ਧੰਨਵਾਦ ਮੀਡੀਆ ਸਕੱਤਰ ਇੰਦਰਦੀਪ ਸਿੰਘ ਵੱਲੋਂ ਕੀਤਾ ਗਿਆ ਜਿਸ ਵਿਚ ਵਿਸ਼ਵ ਪੰਜਾਬੀ ਭਵਨ ਦੇ ਮਾਲਕ ਦਲਬੀਰ ਸਿੰਘ ਕਥੂਰੀਆ ਵੀ ਸ਼ਾਮਲ ਸੀ ਜਿਨ੍ਹਾਂ ਵੱਲੋਂ ਇਹ ਭਵਨ ਅਜਿਹੀਆਂ ਕਮਿਊਨਿਟੀ ਮੀਟਿੰਗਾਂ ਲਈ ਨਿਰਸ਼ੁਲਕ ਮੁਹੱਈਆ ਕਰਵਾਇਆ ਜਾ ਰਿਹਾ ਹੈ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੂਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
DENTISTRY
Squire Ellis Dr
Gore Rd
Countryside Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017